ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 20 ਜੂਨ 2026 (ਨਾਨਕਸ਼ਾਹੀ ਸੰਮਤ : ੫੫੮, ੬ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਅਮਰੀਕਾ-ਇਰਾਨ ਸਮਝੌਤੇ ਤੋਂ ਬਾਅਦ ਵੀ ਨਹੀਂ ਟਲ ਰਿਹੈ ਇਜ਼ਰਾਈਲ

# ਲੇਬਨਾਨ 'ਤੇ ਹਮਲੇ 'ਚ 16 ਲੋਕਾਂ ਦੀ ਮੌਤ

**ਨਵੀਂ ਦਿੱਲੀ, 19 ਜੂਨ (ਆਵਾਜ਼ਿ ਕੌਮ ਬਿਊਰੋ)**-ਇਜ਼ਰਾਈਲੀ ਫੌਜ ਨੇ ਇੱਕ ਵਾਰ ਫਿਰ ਲੇਬਨਾਨ ਵਿੱਚ ਭਾਰੀ ਹਵਾਈ ਹਮਲੇ ਕੀਤੇ ਹਨ। ਦੱਖਣੀ ਲੇਬਨਾਨ ਵਿੱਚ ਕੀਤੇ ਗਏ ਹਮਲਿਆਂ ਵਿੱਚ ਘੱਟੋ-ਘੱਟ 16 ਲੋਕਾਂ ਦੀ ਮੌਤ ਹੋ ਗਈ ਹੈ। ਲੇਬਨਾਨੀ ਸਮੂਹ ਹਿਜ਼ਬੁੱਲਾ ਵੱਲੋਂ ਜਵਾਬੀ ਕਾਰਵਾਈ ਵਿੱਚ ਦਾਗੇ ਗਏ ਰਾਕੇਟਾਂ ਨਾਲ 4 ਇਜ਼ਰਾਈਲੀ ਫੌਜੀ ਮਾਰੇ ਗਏ। ਇਹ ਹਮਲੇ ਬੁੱਧਵਾਰ-ਵੀਰਵਾਰ ਦੀ ਰਾਤ ਨੂੰ ਕੀਤੇ ਗਏ ਸਨ। ਇਹ ਹਾਲ ਹੀ ਦੇ ਸਮੇਂ ਵਿੱਚ ਲੇਬਨਾਨ ਵਿੱਚ ਇਜ਼ਰਾਈਲ ਵੱਲੋਂ ਕੀਤੇ ਗਏ ਸਭ ਤੋਂ ਵੱਡੇ ਹਮਲਿਆਂ ਵਿੱਚੋਂ ਇੱਕ ਹੈ। ਇਜ਼ਰਾਈਲ ਨੇ ਈਰਾਨ-ਅਮਰੀਕਾ ਸਮਝੌਤੇ ਦੀ ਪਰਵਾਹ ਕੀਤੇ ਬਿਨਾਂ ਹਮਲੇ ਕੀਤੇ ਹਨ। ਅਮਰੀਕੀ



ਰਾਸ਼ਟਰਪਤੀ ਡੋਨਾਲਡ ਟਰੰਪ ਨੇ ਖੁਦ ਇਜ਼ਰਾਈਲੀ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੂੰ ਚੇਤਾਵਨੀ ਦਿੱਤੀ ਹੈ ਕਿ ਉਹ ਲੇਬਨਾਨ 'ਤੇ ਬੰਬਾਰੀ ਨਾ ਕਰਨ, ਕਿਉਂਕਿ ਇਹ ਸ਼ਾਂਤੀ ਸਮਝੌਤੇ ਨੂੰ ਖਤਰੇ ਵਿੱਚ ਪਾਉਂਦਾ ਹੈ। ਦੱਖਣੀ ਲੇਬਨਾਨ ਦੇ ਨਬਾਤੀਹ ਜ਼ਿਲ੍ਹੇ ਵਿੱਚ ਇਜ਼ਰਾਈਲੀ ਹਵਾਈ ਹਮਲਿਆਂ ਅਤੇ ਤੋਪਖਾਨੇ ਦੀ ਗੋਲੀਬਾਰੀ ਵਿੱਚ ਘੱਟੋ-ਘੱਟ 16 ਲੋਕ ਮਾਰੇ ਗਏ। ਹਮਲਿਆਂ ਵਿੱਚ ਕਈ ਲੋਕ ਜ਼ਖਮੀ ਹੋਏ, ਅਤੇ ਕੁਝ ਹਮਲਿਆਂ ਤੋਂ ਬਾਅਦ ਲਾਪਤਾ ਹਨ। ਏਜੰਸੀ ਨੇ ਕਿਹਾ ਕਿ ਇਜ਼ਰਾਈਲੀ ਬੰਬਾਰੀ ਰਾਤ ਭਰ ਜਾਰੀ ਰਹੀ, ਘਰਾਂ ਨੂੰ ਨਿਸ਼ਾਨਾ ਬਣਾਉਂਦੇ ਹੋਏ। ਏਜੰਸੀ ਅਨੁਸਾਰ, ਇਜ਼ਰਾਈਲੀ ਤੋਪਖਾਨੇ ਨੇ ਨਬਾਤੀਹ ਸ਼ਹਿਰ ਦੇ ਨਾਲ-ਨਾਲ ਕਾਫ਼ਰ ਜੌਜ਼ ਅਤੇ ਕਈ ਨੇੜਲੇ ਕਸਬਿਆਂ, ਜਿਨ੍ਹਾਂ ਵਿੱਚ ਕਾਫ਼ਰ ਰਾਮੋਨ ਅਤੇ ਜ਼ਬੇਦੀਨ ਸ਼ਾਮਲ ਹਨ, 'ਤੇ ਗੋਲਾਬਾਰੀ ਕੀਤੀ। ਇਜ਼ਰਾਈਲੀ ਹਵਾਈ ਹਮਲਿਆਂ ਨੇ ਕਾਫ਼ਰ ਤਿਬਨਿਤ ਅਤੇ ਰੇਹਾਨ ਦੀਆਂ ਪਹਾੜੀਆਂ ਨੂੰ ਵੀ ਨਿਸ਼ਾਨਾ ਬਣਾਇਆ। ਨਬਾਤੀਹ ਅਤੇ ਹਾਰੂਫ ਵਿੱਚ ਅੱਠ ਲੋਕ ਮਾਰੇ ਗਏ। ਲੇਬਨਾਨ ਵਿੱਚ ਅਲ-ਸ਼ਾਰਕੀਆ ਅਤੇ ਦੋਏਰ ਦੇ ਵਿਚਕਾਰ ਇੱਕ ਘਰ 'ਤੇ ਹਮਲੇ ਵਿੱਚ ਚਾਰ ਲੋਕ ਮਾਰੇ ਗਏ, ਜਦੋਂ ਕਿ ਕਾਫ਼ਰ ਸਰ ਸ਼ਹਿਰ ਵਿੱਚ ਇੱਕ ਹਮਲੇ ਵਿੱਚ ਤਿੰਨ ਮਾਰੇ ਗਏ। ਦੋਏਰ ਨਗਰਪਾਲਿਕਾ ਇਮਾਰਤ ਦੇ ਨੇੜੇ ਇੱਕ ਮੋਟਰਸਾਈਕਲ ਨੂੰ ਟੱਕਰ ਮਾਰਨ ਵਾਲੇ ਇਜ਼ਰਾਈਲੀ ਡਰੋਨ ਹਮਲੇ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ ਅਤੇ ਇੱਕ ਹੋਰ ਜ਼ਖਮੀ ਹੋ ਗਿਆ।




## ਫੈਕਟਰੀ 'ਚ ਲੱਗੀ ਅੱਗ, ਉੱਠੇ ਧੂੰਏਂ ਦੇ ਗੁਬਾਰ; ਲੋਕਾਂ ਨੂੰ ਸਾਹ ਲੈਣ 'ਚ ਆ ਰਹੀ ਮੁਸ਼ਕਿਲ

**ਬਠਿੰਡਾ, 19 ਜੂਨ (ਆਵਾਜ਼ਿ ਕੌਮ ਬਿਊਰੋ)**-ਬਠਿੰਡਾ ਦੇ ਮਸਾਣਾ ਵਿੱਚ ਬੀਸੀਐਲ ਸ਼ਰਾਬ ਫੈਕਟਰੀ ਵਿੱਚ ਸ਼ੁੱਕਰਵਾਰ ਸਵੇਰੇ ਅੱਗ ਲੱਗ ਗਈ। ਫੈਕਟਰੀ ਦੇ ਅਹਾਤੇ ਤੋਂ ਕਾਲਾ ਧੂੰਆਂ ਉੱਠਿਆ, ਜੋ ਕਿ ਨੇੜਲੇ ਕਈ ਪਿੰਡਾਂ ਅਤੇ ਇਲਾਕਿਆਂ ਵਿੱਚ ਫੈਲ ਗਿਆ। ਇਸ ਕਰਕੇ ਸਥਾਨਕ ਨਿਵਾਸੀਆਂ ਨੂੰ ਸਾਹ ਲੈਣ ਵਿੱਚ ਮੁਸ਼ਕਲ ਆ ਰਹੀ ਹੈ। ਘਟਨਾ ਦੀ ਜਾਣਕਾਰੀ ਮਿਲਣ 'ਤੇ ਫੈਕਟਰੀ ਪ੍ਰਬੰਧਨ ਨੇ ਫਾਇਰ ਬ੍ਰਿਗੇਡ ਨੂੰ ਬੁਲਾਇਆ। ਫਾਇਰਫਾਈਟਰਜ਼ ਮੌਕੇ 'ਤੇ ਪਹੁੰਚੇ ਅਤੇ ਅੱਗ ਬੁਝਾਉਣ ਦਾ ਕੰਮ ਸ਼ੁਰੂ ਕਰ ਦਿੱਤਾ। ਫੈਕਟਰੀ ਵਿੱਚੋਂ ਨਿਕਲ ਰਹੇ ਧੂੰਏਂ ਨੇ ਆਲੇ ਦੁਆਲੇ ਦੇ ਖੇਤਰਾਂ ਵਿੱਚ ਹਵਾ ਦੀ ਗੁਣਵੱਤਾ ਨੂੰ ਪ੍ਰਭਾਵਿਤ ਕਰ ਦਿੱਤਾ ਹੈ। ਸਥਾਨਕ ਨਿਵਾਸੀਆਂ ਨੇ ਸਾਹ ਲੈਣ ਵਿੱਚ ਮੁਸ਼ਕਲ ਦੀ ਸ਼ਿਕਾਇਤ ਕੀਤੀ ਹੈ। ਦਮੇ ਦੇ ਮਰੀਜ਼ਾਂ, ਬੱਚਿਆਂ ਅਤੇ ਬਜ਼ੁਰਗਾਂ ਨੂੰ ਖਾਸ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਅੱਗ ਲੱਗਣ ਦਾ ਕਾਰਨ ਅਜੇ ਵੀ ਨਹੀਂ ਪਤਾ ਲੱਗਿਆ ਹੈ। ਪ੍ਰਸ਼ਾਸਨ ਅਤੇ ਫੈਕਟਰੀ ਪ੍ਰਬੰਧਨ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ। ਪਿੰਡ ਵਾਸੀਆਂ ਨੇ ਮੰਗ ਕੀਤੀ ਕਿ ਪ੍ਰਸ਼ਾਸਨ ਤੁਰੰਤ ਇਲਾਕੇ ਵਿੱਚ ਹਵਾ ਦੀ ਗੁਣਵੱਤਾ ਦਾ ਮੁਲਾਂਕਣ ਕਰੇ ਅਤੇ ਸਿਹਤ ਸਬੰਧੀ ਪ੍ਰਬੰਧ ਕਰੇ। ਪ੍ਰਸ਼ਾਸਨ ਨੇ ਸਥਿਤੀ ਦੀ ਨਿਗਰਾਨੀ ਕਰਨ ਅਤੇ ਅੱਗ ਦੇ ਕਾਰਨਾਂ ਦੀ ਡੂੰਘਾਈ ਨਾਲ ਜਾਂਚ ਕਰਨ ਦਾ ਭਰੋਸਾ ਦਿੱਤਾ ਹੈ। ਫਾਇਰ ਬ੍ਰਿਗੇਡ ਟੀਮਾਂ ਅੱਗ ਨੂੰ ਪੂਰੀ ਤਰ੍ਹਾਂ ਬੁਝਾਉਣ ਲਈ ਕੰਮ ਕਰ ਰਹੀਆਂ ਹਨ।

## ਉਤਰਾਖੰਡ ਪੁਲਿਸ ਵੱਲੋਂ ਸਿੱਖ ਨੌਜਵਾਨਾਂ ਦੀਆਂ ਦਸਤਾਰਾਂ ਉਤਾਰ ਕੇ ਜਨਤਕ ਤੌਰ 'ਤੇ ਬੇਇੱਜ਼ਤ ਕਰਨਾ ਮੰਦਭਾਗਾ : ਐਡਵੋਕੇਟ ਧਾਮੀ

**ਨਵੀਂ ਦਿੱਲੀ/ਅੰਮ੍ਰਿਤਸਰ, 19 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਉਤਰਾਖੰਡ ਦੇ ਕਰਣਪ੍ਰਯਾਗ ਵਿਖੇ ਸਿੱਖ ਨੌਜਵਾਨਾਂ ਨਾਲ ਵਾਪਰੀ ਘਟਨਾ ਅਤੇ ਇਸ ਤੋਂ ਬਾਅਦ ਪੁਲਿਸ ਵੱਲੋਂ ਕੀਤੀ ਗਈ ਇਕਪਾਸੜ ਕਾਰਵਾਈ 'ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਉਤਰਾਖੰਡ ਸਰਕਾਰ ਨੂੰ ਇਸ ਦੀ ਉੱਚ ਪੱਧਰੀ ਅਤੇ ਨਿਰਪੱਖ ਜਾਂਚ ਕਰਵਾਉਣ ਲਈ ਆਖਿਆ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖਾਂ ਦੀ ਦਸਤਾਰ ਅਤੇ ਕਿਰਪਾਨ ਉਨ੍ਹਾਂ ਦੇ ਧਾਰਮਿਕ ਕਕਾਰ ਹਨ, ਜਿਨ੍ਹਾਂ ਨੂੰ ਪਹਿਨਣ ਦਾ ਸਿੱਖਾਂ ਨੂੰ ਸੰਵਿਧਾਨਕ ਹੱਕ ਹਾਸਲ ਹੈ। ਉਨ੍ਹਾਂ ਕਿਹਾ ਕਿ ਹਰ ਧਰਮ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਨਾ ਹਰ ਸਰਕਾਰੀ ਅਧਿਕਾਰੀਆਂ ਦੀ ਵੀ ਸੰਵਿਧਾਨਕ ਜ਼ਿੰਮੇਵਾਰੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਤਾਜ਼ਾ ਘਟਨਾ ਵਿਚ ਪਹਿਲਾਂ ਕੁਝ ਸਥਾਨਕ ਲੋਕਾਂ ਵੱਲੋਂ ਸਿੱਖ ਨੌਜਵਾਨਾਂ 'ਤੇ ਹਮਲਾ ਕੀਤਾ ਗਿਆ, ਜਿਸ ਦੇ ਵਿਰੋਧ ਵਿਚ ਝਗੜਾ ਵਧਿਆ। ਪੁਲਿਸ ਵੱਲੋਂ ਨਿਰਪੱਖ ਕਾਰਵਾਈ ਕਰਨ ਦੀ ਥਾਂ ਸਿੱਖ ਸ਼ਰਧਾਲੂਆਂ ਵਿਰੁੱਧ ਕੇਸ ਦਰਜ ਕਰ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਪੁਲਿਸ ਵੱਲੋਂ ਗ੍ਰਿਫ਼ਤਾਰ ਕੀਤੇ ਗਏ ਨੌਜਵਾਨਾਂ ਦੀਆਂ ਦਸਤਾਰਾਂ ਉਤਾਰ ਕੇ ਉਨ੍ਹਾਂ ਨੂੰ ਜਨਤਕ ਤੌਰ 'ਤੇ ਬੇਇੱਜ਼ਤ ਕਰਨਾ ਬਹੁਤ ਹੀ ਮੰਦਭਾਗਾ ਅਤੇ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲਾ ਕਦਮ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ 'ਤੇ ਜਾਣ ਵਾਲੀ ਸਿੱਖ ਸੰਗਤ ਦੀ ਸੁਰੱਖਿਆ ਅਤੇ ਸਨਮਾਨ ਯਕੀਨੀ ਬਣਾਉਣਾ ਉਤਰਾਖੰਡ ਸਰਕਾਰ ਦੀ ਜ਼ਿੰਮੇਵਾਰੀ ਹੈ। ਕਿਸੇ ਵੀ ਸਥਿਤੀ ਵਿੱਚ ਸਿੱਖ ਸ਼ਰਧਾਲੂਆਂ ਨਾਲ ਵਿਤਕਰਾ ਜਾਂ ਧੱਕੇਸ਼ਾਹੀ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਿੱਖ ਸੰਗਤ ਨੂੰ ਸ਼ਾਂਤੀ, ਸੰਜਮ ਅਤੇ ਇਕਜੁੱਟਤਾ ਬਣਾਈ ਰੱਖਣ ਦੀ ਅਪੀਲ ਕਰਦਿਆਂ ਕਿਹਾ ਕਿ ਉਹ ਕਿਸੇ ਵੀ ਤਰ੍ਹਾਂ ਭੜਕਾਹਟ ਵਿੱਚ ਨਾ ਆਉਣ। ਉਨ੍ਹਾਂ ਸਥਾਨਕ ਸਿੱਖ ਆਗੂਆਂ ਨੂੰ ਵੀ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਤੱਕ ਪਹੁੰਚ ਕਰਕੇ ਸਿੱਖ ਨੌਜਵਾਨਾ ਨੂੰ ਇਨਸਾਫ਼ ਦਿਵਾਉਣ ਲਈ ਆਖਿਆ। ਉਨ੍ਹਾਂ ਉਤਰਾਖੰਡ ਸਰਕਾਰ ਅਤੇ ਪ੍ਰਸ਼ਾਸਨ ਨੂੰ ਸਿੱਖ ਭਾਵਨਾਵਾਂ ਦਾ ਸਤਿਕਾਰ ਕਰਨ ਅਤੇ ਭੜਕਾਊ ਬਿਆਨਬਾਜ਼ੀ ਕਰਨ ਵਾਲੇ ਸ਼ਰਾਰਤੀ ਅਨਸਰਾਂ 'ਤੇ ਰੋਕ ਲਗਾਉਣ ਦੀ ਵੀ ਅਪੀਲ ਕੀਤੀ।



## ਪੱਕੇ ਤੌਰ 'ਤੇ ਲਾਗੂ ਹੋਵੇਗਾ 'ਖਾਲਸਾ ਟੈਕਸ' ! ਨਿਹੰਗ ਸਿੰਘਾਂ ਨੇ ਪੰਜਾਬ ਤੇ ਹਿਮਾਚਲ ਸਰਕਾਰ ਨੂੰ 21 ਜੂਨ ਤੱਕ ਦਿੱਤਾ ਅਲਟੀਮੇਟਮ



**ਚੰਡੀਗੜ੍ਹ, 19 ਜੂਨ (ਆਵਾਜ਼ਿ ਕੌਮ ਬਿਊਰੋ)**-ਹਿਮਾਚਲ ਪ੍ਰਦੇਸ਼ ਵਿੱਚ ਲਾਗੂ ਕੀਤੇ ਗਏ ਐਂਟਰੀ ਟੈਕਸ ਨੂੰ ਲੈ ਕੇ ਚੱਲ ਰਹੇ ਵਿਵਾਦ ਨੇ ਇੱਕ ਵਾਰ ਫਿਰ ਤੂਲ ਫੜ ਲਿਆ ਹੈ। ਨਿਹੰਗ ਸਿੰਘ ਫੌਜਾਂ ਵੱਲੋਂ ਐਲਾਨ ਕੀਤਾ ਗਿਆ ਹੈ ਕਿ ਜੇਕਰ 21 ਜੂਨ ਤੋਂ ਪਹਿਲਾਂ ਹਿਮਾਚਲ ਸਰਕਾਰ, ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਇਸ ਮਸਲੇ ਦਾ ਕੋਈ ਠੋਸ ਹੱਲ ਨਹੀਂ ਕੱਢਦੇ, ਤਾਂ 21 ਜੂਨ ਨੂੰ ਚੰਡੀਗੜ੍ਹ-ਕੁੱਲੂ-ਮਨਾਲੀ ਨੈਸ਼ਨਲ ਹਾਈਵੇ 'ਤੇ ਪਿੰਡ ਮੋੜਾ ਵਿਖੇ ਮੁੜ ਪੱਕੇ ਤੌਰ 'ਤੇ "ਖਾਲਸਾ ਟੈਕਸ" ਲਗਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਬਾਬਾ ਅੱਛਰ ਸਿੰਘ ਮਹਾਂਕਾਲ ਨੇ ਕਿਹਾ ਕਿ ਹਿਮਾਚਲ ਐਂਟਰੀ ਟੈਕਸ ਨੂੰ ਲੈ ਕੇ ਸੰਗਤਾਂ ਅਤੇ ਆਮ ਲੋਕਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਨਿਹੰਗ ਸਿੰਘ ਫੌਜਾਂ ਵੱਲੋਂ ਪਿੰਡ ਮੋੜਾ ਵਿਖੇ ਪ੍ਰਤੀਕਾਤਮਕ ਤੌਰ 'ਤੇ ਖਾਲਸਾ ਟੈਕਸ ਲਗਾਇਆ ਗਿਆ ਸੀ ਅਤੇ ਹੁਣ ਜੇਕਰ ਸਰਕਾਰਾਂ ਵੱਲੋਂ ਕੋਈ ਹੱਲ ਨਹੀਂ ਕੀਤਾ ਜਾਂਦਾ ਤਾਂ 21 ਜੂਨ ਤੋਂ ਇਹ ਟੈਕਸ ਪੱਕੇ ਤੌਰ 'ਤੇ ਲਗਾਇਆ ਜਾਵੇਗਾ। ਇਸ ਤੋਂ ਇਲਾਵਾ ਉੱਤਰਾਖੰਡ ਵਿੱਚ ਨਿਹੰਗ ਸਿੰਘਾਂ ਅਤੇ ਸਥਾਨਕ ਲੋਕਾਂ ਵਿਚਾਲੇ ਹੋਈ ਝੜਪ ਦੇ ਮਾਮਲੇ 'ਤੇ ਵੀ ਉਨ੍ਹਾਂ ਪ੍ਰਤੀਕਿਰਿਆ ਦਿੱਤੀ। ਬਾਬਾ ਅੱਛਰ ਸਿੰਘ ਮਹਾਂਕਾਲ ਨੇ ਕਿਹਾ ਕਿ ਇਸ ਘਟਨਾ ਦੀ ਸਰਕਾਰ ਅਤੇ ਪ੍ਰਸ਼ਾਸਨ ਵੱਲੋਂ ਨਿਰਪੱਖ ਅਤੇ ਡੂੰਘਾਈ ਨਾਲ ਜਾਂਚ ਕੀਤੀ ਜਾਣੀ ਚਾਹੀਦੀ ਹੈ, ਤਾਂ ਜੋ ਸੱਚਾਈ ਸਾਹਮਣੇ ਆ ਸਕੇ ਅਤੇ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਕੀਤੀ ਜਾ ਸਕੇ। ਫਿਲਹਾਲ, 21 ਜੂਨ ਨੂੰ ਨਿਹੰਗ ਸਿੰਘ ਫੌਜਾਂ ਦੇ ਐਲਾਨ ਤੋਂ ਬਾਅਦ ਪ੍ਰਸ਼ਾਸਨ ਅਤੇ ਸਰਕਾਰਾਂ ਦੀ ਭੂਮਿਕਾ 'ਤੇ ਸਭ ਦੀਆਂ ਨਜ਼ਰਾਂ ਟਿਕੀਆਂ ਹੋਈਆਂ ਹਨ।

## ਮਹਾਰਾਜਾ ਰਣਜੀਤ ਸਿੰਘ ਦੀ ਬਰਸੀ : ਸ਼੍ਰੋਮਣੀ ਕਮੇਟੀ ਵੱਲੋਂ 21 ਜੂਨ ਨੂੰ ਪਾਕਿਸਤਾਨ ਭੇਜਿਆ ਜਾਵੇਗਾ 290 ਸ਼ਰਧਾਲੂਆਂ ਦਾ ਜਥਾ

**ਨਵੀਂ ਦਿੱਲੀ/ਅੰਮ੍ਰਿਤਸਰ, 19 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮੌਕੇ ਪਾਕਿਸਤਾਨ ਭੇਜੇ ਜਾਣ ਵਾਲੇ ਜਥੇ ਲਈ 290 ਸ਼ਰਧਾਲੂਆਂ ਨੂੰ ਵੀਜ਼ੇ ਪ੍ਰਾਪਤ ਹੋਏ ਹਨ। ਇਹ ਜਥਾ 21 ਜੂਨ ਨੂੰ ਸਵੇਰੇ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਤੋਂ ਪਾਕਿਸਤਾਨ ਲਈ ਰਵਾਨਾ ਹੋਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ ਨੇ ਦੱਸਿਆ ਹੈ ਕਿ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਸਬੰਧੀ ਗੁਰਦੁਆਰਾ ਸ੍ਰੀ ਡੇਰਾ ਸਾਹਿਬ ਲਾਹੌਰ ਵਿਖੇ ਹੋਣ ਵਾਲੇ ਸਮਾਗਮ ਵਿਚ ਸ਼ਮੂਲੀਅਤ ਕਰਨ ਦੇ ਨਾਲ ਪਾਕਿਸਤਾਨ ਸਥਿਤ ਹੋਰ ਗੁਰਧਾਮਾਂ ਦੇ ਦਰਸ਼ਨਾਂ ਲਈ 302 ਸ਼ਰਧਾਲੂਆਂ ਦੇ ਪਾਸਪੋਰਟ ਵੀਜ਼ਾ ਲਗਵਾਉਣ ਲਈ ਭੇਜੇ ਗਏ ਸਨ, ਜਿਨ੍ਹਾਂ ਵਿਚੋਂ 290 ਨੂੰ ਵੀਜ਼ੇ ਪ੍ਰਾਪਤ ਹੋਏ ਹਨ, ਜਦਕਿ ਦਿੱਲੀ ਸਥਿਤ ਪਾਕਿਸਤਾਨ ਦੂਤਾਵਾਸ ਵੱਲੋਂ 12 ਸ਼ਰਧਾਲੂਆਂ ਨੂੰ ਵੀਜ਼ਾ ਪ੍ਰਾਪਤ ਨਹੀਂ ਹੋਇਆ। ਉਨ੍ਹਾਂ ਦੱਸਿਆ ਕਿ ਇਹ ਜਥਾ ਵੱਖ-ਵੱਖ ਗੁਰਧਾਮਾਂ ਦੇ ਦਰਸ਼ਨ ਉਪਰੰਤ 29 ਜੂਨ ਨੂੰ ਮਹਾਰਾਜਾ ਰਣਜੀਤ ਸਿੰਘ ਦੇ ਬਰਸੀ ਸਮਾਗਮਾਂ ਵਿਚ ਸ਼ਮੂਲੀਅਤ ਕਰਨ ਮਗਰੋਂ 30 ਜੂਨ ਨੂੰ ਵਾਪਸ ਭਾਰਤ ਪਰਤੇਗਾ। ਉਨ੍ਹਾਂ ਕਿਹਾ ਕਿ ਸ਼ਰਧਾਲੂ ਵੀਜ਼ਾ ਲੱਗੇ ਪਾਸਪੋਰਟ 20 ਤੇ 21 ਜੂਨ ਨੂੰ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਤੋਂ ਪ੍ਰਾਪਤ ਕਰਨ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਸ਼ਰਧਾਲੂਆਂ ਦੇ ਵੀਜ਼ਾ ਨਹੀਂ ਲੱਗੇ ਉਨ੍ਹਾਂ ਦੇ ਸੀਰੀਅਲ ਨੰ: 33, 66, 67, 68, 76, 131, 143, 144, 145, 151, 291 ਤੇ 292 ਹਨ।

## ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਮਨਾ ਕੇ ਪਾਕਿਸਤਾਨ ਤੋਂ ਪਰਤਿਆ ਸਿੱਖ ਸ਼ਰਧਾਲੂਆਂ ਦਾ ਜਥਾ

ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਮਨਾਉਣ ਅਤੇ ਪਾਕਿਸਤਾਨ ਸਥਿਤ ਇਤਿਹਾਸਕ ਗੁਰਧਾਮਾਂ ਦੇ ਦਰਸ਼ਨ ਕਰਨ ਲਈ 10 ਜੂਨ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐੱਸਜੀਪੀਸੀ) ਵੱਲੋਂ ਰਵਾਨਾ ਕੀਤਾ ਗਿਆ ਸ਼ਰਧਾਲੂਆਂ ਦਾ ਜਥਾ ਸ਼ੁੱਕਰਵਾਰ ਨੂੰ ਅਟਾਰੀ-ਵਾਘਾ ਸਰਹੱਦ ਰਾਹੀਂ ਭਾਰਤ ਵਾਪਸ ਪਰਤ ਆਇਆ। 518 ਸ਼ਰਧਾਲੂਆਂ ਦੇ ਇਸ ਜਥੇ ਨੇ ਪਾਕਿਸਤਾਨ ਵਿੱਚ ਸਥਿਤ ਵੱਖ-ਵੱਖ ਗੁਰਧਾਮਾਂ ਵਿੱਚ ਮੱਥਾ ਟੇਕਿਆ ਅਤੇ ਧਾਰਮਿਕ ਸਮਾਗਮਾਂ ਵਿੱਚ ਸ਼ਮੂਲੀਅਤ ਕੀਤੀ। ਭਾਰਤ ਵਾਪਸ ਪਰਤਣ ਤੋਂ ਬਾਅਦ ਸ਼ਰਧਾਲੂਆਂ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪਾਕਿਸਤਾਨ ਸਰਕਾਰ ਅਤੇ ਉੱਥੋਂ ਦੇ ਗੁਰਦੁਆਰਾ ਪ੍ਰਬੰਧਕਾਂ ਵੱਲੋਂ ਸ਼ਰਧਾਲੂਆਂ ਲਈ ਬਹੁਤ ਵਧੀਆ ਅਤੇ ਪੁਖ਼ਤਾ ਪ੍ਰਬੰਧ ਕੀਤੇ ਗਏ ਸਨ। ਉਨ੍ਹਾਂ ਕਿਹਾ ਕਿ ਗੁਰਧਾਮਾਂ ਦੇ ਦਰਸ਼ਨ ਕਰਕੇ ਉਨ੍ਹਾਂ ਨੂੰ ਅਪਾਰ ਸ਼ਾਂਤੀ ਅਤੇ ਖੁਸ਼ੀ ਦੀ ਪ੍ਰਾਪਤੀ ਹੋਈ। ਕਈ ਸ਼ਰਧਾਲੂ ਅਜਿਹੇ ਵੀ ਸਨ ਜੋ ਪਹਿਲੀ ਵਾਰ ਪਾਕਿਸਤਾਨ ਸਥਿਤ ਆਪਣੇ ਗੁਰੂਆਂ ਦੀ ਪਾਵਨ ਧਰਤੀ 'ਤੇ ਪਹੁੰਚੇ ਸਨ। ਜੰਡਿਆਲਾ ਗੁਰੂ ਦੀ ਵਸਨੀਕ ਸ਼ਰਧਾਲੂ ਕਰਮਜੀਤ ਕੌਰ ਨੇ ਦੱਸਿਆ ਕਿ ਉਨ੍ਹਾਂ ਨੇ ਗੁਰਦੁਆਰਾ ਨਨਕਾਣਾ ਸਾਹਿਬ, ਪੰਜਾ ਸਾਹਿਬ ਅਤੇ ਡੇਰਾ ਸਾਹਿਬ ਸਮੇਤ ਕਈ ਪਵਿੱਤਰ ਅਸਥਾਨਾਂ ਦੇ ਦਰਸ਼ਨ ਕੀਤੇ। ਉਨ੍ਹਾਂ ਕਿਹਾ ਕਿ ਉੱਥੋਂ ਦੇ ਲੋਕਾਂ ਨੇ ਬਹੁਤ ਸਤਿਕਾਰ ਅਤੇ ਪਿਆਰ ਦਿੱਤਾ। ਉਨ੍ਹਾਂ ਦੋਵਾਂ ਦੇਸ਼ਾਂ ਦੀਆਂ ਸਰਕਾਰਾਂ ਨੂੰ ਅਪੀਲ ਕੀਤੀ ਕਿ ਭਾਰਤ ਅਤੇ ਪਾਕਿਸਤਾਨ ਦੇ ਲੋਕ ਪਿਆਰ ਅਤੇ ਭਾਈਚਾਰੇ ਨਾਲ ਰਹਿਣ। ਤਰਨ ਤਾਰਨ ਤੋਂ ਗਏ ਸ਼ਰਧਾਲੂਆਂ ਨੇ ਦੱਸਿਆ ਕਿ ਨਨਕਾਣਾ ਸਾਹਿਬ, ਪੰਜਾ ਸਾਹਿਬ, ਡੇਰਾ ਸਾਹਿਬ ਅਤੇ ਹੋਰ ਗੁਰਧਾਮਾਂ ਦੇ ਦਰਸ਼ਨ ਕਰਕੇ ਉਨ੍ਹਾਂ ਨੂੰ ਆਤਮਿਕ ਅਨੰਦ ਦੀ ਅਨੁਭੂਤੀ ਹੋਈ।

## 'ਵਰਕ-ਫਰੌਮ-ਹੋਮ' ਦੇ ਨਾਂ 'ਤੇ ਠੱਗੀ ਮਾਰਨ ਵਾਲੇ ਸਿੰਡੀਕੇਟ ਦਾ ਪਰਦਾਫਾਸ਼, ਰਾਜਸਥਾਨ ਤੋਂ 4 ਗ੍ਰਿਫਤਾਰ

**ਚੰਡੀਗੜ੍ਹ, 19 ਜੂਨ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਪੁਲਸ ਦੇ ਸੈਂਟਰਲ ਡਿਸਟ੍ਰਿਕਟ ਦੇ ਸਾਈਬਰ ਪੁਲਸ ਸਟੇਸ਼ਨ ਨੇ ਇੱਕ ਵੱਡੀ ਕਾਰਵਾਈ ਕਰਦਿਆਂ ਸਾਈਬਰ ਧੋਖਾਧੜੀ ਅਤੇ ਮਨੀ ਲਾਂਡਰਿੰਗ ਕਰਨ ਵਾਲੇ ਗਿਰੋਹ ਨੂੰ ਨੱਥ ਪਾਈ ਹੈ। ਇਹ ਗਿਰੋਹ ਲੋਕਾਂ ਨੂੰ 'ਵਰਕ-ਫਰੌਮ-ਹੋਮ' ਦੇ ਮੌਕੇ ਦੇਣ ਦੇ ਬਹਾਨੇ ਠੱਗੀ ਦਾ ਸ਼ਿਕਾਰ ਬਣਾਉਂਦਾ ਸੀ। ਪੁਲਸ ਨੇ ਇਸ ਮਾਮਲੇ ਵਿੱਚ ਰਾਜਸਥਾਨ ਤੋਂ ਚਾਰ ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਹੈ। ਇਹ ਮਾਮਲਾ ਉਦੋਂ ਸਾਹਮਣੇ ਆਇਆ ਜਦੋਂ ਸੁਮਨ ਕੁਮਾਰ ਨਾਮੀ



ਮਹਿਲਾ ਨੇ ਆਪਣੇ ਬੈਂਕ ਖਾਤੇ ਵਿੱਚੋਂ 2 ਲੱਖ ਰੁਪਏ ਦੀ ਨਿਕਾਸੀ ਸਬੰਧੀ ਸ਼ਿਕਾਇਤ ਦਰਜ ਕਰਵਾਈ। ਦਿਲਚਸਪ ਗੱਲ ਇਹ ਹੈ ਕਿ ਇਸ ਧੋਖਾਧੜੀ ਦਾ ਪਤਾ ਉਸ ਦੇ ਅਮਰੀਕਾ ਰਹਿੰਦੇ ਪੁੱਤਰ ਨੂੰ ਲੱਗਿਆ, ਜਿਸ ਨੇ ਖਾਤੇ ਵਿੱਚੋਂ ਹੋ ਰਹੀਆਂ ਸ਼ੱਕੀ ਟ੍ਰਾਂਜੈਕਸ਼ਨਾਂ ਨੂੰ ਦੇਖ ਕੇ ਭਾਰਤ ਆ ਕੇ ਸ਼ਿਕਾਇਤ ਦਰਜ ਕਰਵਾਈ। ਜਾਂਚ ਦੌਰਾਨ ਪਤਾ ਲੱਗਾ ਕਿ ਠੱਗੀ ਦੀ ਰਕਮ ਪਹਿਲਾਂ ਕਰਨਾਟਕ ਦੇ ਇੱਕ ਬੈਂਕ ਖਾਤੇ ਵਿਚ ਭੇਜੀ ਗਈ ਅਤੇ ਫਿਰ ਪੈਸਿਆਂ ਦੇ ਰਸਤੇ ਨੂੰ ਛੁਪਾਉਣ ਲਈ ਇਸ ਨੂੰ ਕਈ ਹੋਰ ਖਾਤਿਆਂ ਵਿਚ ਘੁਮਾਇਆ ਗਿਆ। ਪੁਲਸ ਜਾਂਚ ਵਿੱਚ ਇਹ ਖੁਲਾਸਾ ਹੋਇਆ ਹੈ ਕਿ ਇਹ ਸਿੰਡੀਕੇਟ ਖਾਸ ਕਰਕੇ ਵਿਦਿਆਰਥੀਆਂ ਅਤੇ ਨੌਜਵਾਨਾਂ ਨੂੰ ਨੌਕਰੀ ਦਾ ਝਾਂਸਾ ਦੇ ਕੇ ਉਨ੍ਹਾਂ ਦੇ ਬੈਂਕ ਖਾਤਿਆਂ ਦੀ ਵਰਤੋਂ ਅਪਰਾਧ ਦੀ ਕਮਾਈ ਨੂੰ ਲਾਂਡਰ ਕਰਨ ਲਈ ਕਰਦਾ ਸੀ। ਠੱਗੀ ਦੇ ਪੈਸੇ ਨੂੰ ਆਨਲਾਈਨ ਜੂਏ ਦੇ ਪਲੇਟਫਾਰਮਾਂ ਰਾਹੀਂ ਲਾਂਡਰ ਕੀਤਾ ਜਾਂਦਾ ਸੀ। ਆਪਣੀ ਪਛਾਣ ਛੁਪਾਉਣ ਲਈ ਮੁਲਜ਼ਮ ਵਰਚੁਅਲ ਜਾਂ ਅੰਤਰਰਾਸ਼ਟਰੀ ਮੋਬਾਈਲ ਨੰਬਰਾਂ ਅਤੇ ਐਨਕ੍ਰਿਪਟਡ ਵਟਸਐਪ ਚੈਟਾਂ ਦੀ ਵਰਤੋਂ ਕਰਦੇ ਸਨ। ਤਕਨੀਕੀ ਜਾਂਚ ਤੇ ਬੈਂਕ ਰਿਕਾਰਡਾਂ ਦੇ ਆਧਾਰ 'ਤੇ ਪੁਲਸ ਨੇ ਰਾਜਸਥਾਨ ਦੇ ਸੀਕਰ ਜ਼ਿਲ੍ਹੇ ਦੇ ਪਿੰਡ ਕੇਰਪੁਰਾ ਵਿਚ ਛਾਪੇਮਾਰੀ ਕੀਤੀ। ਗ੍ਰਿਫਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਅਭਿਸ਼ੇਕ ਸਿਹਾਗ, ਅੰਕਿਤ ਗੜ੍ਹਵਾਲ, ਵਿਕਾਸ ਬੇਨੀਵਾਲ ਅਤੇ ਲੋਕੇਸ਼ ਕੁਮਾਰ ਵਜੋਂ ਹੋਈ ਹੈ। ਪੁਲਸ ਅਧਿਕਾਰੀਆਂ ਅਨੁਸਾਰ ਚਾਰੋਂ ਮੁਲਜ਼ਮਾਂ ਨੂੰ ਨਿਆਇਕ ਹਿਰਾਸਤ ਵਿੱਚ ਭੇਜ ਦਿੱਤਾ ਗਿਆ ਹੈ। ਪੁਲਸ ਹੁਣ ਇਸ ਸਿੰਡੀਕੇਟ ਦੇ ਹੋਰ ਸਾਥੀਆਂ ਅਤੇ ਠੱਗੀ ਦੇ ਬਾਕੀ ਪੈਸਿਆਂ ਦਾ ਪਤਾ ਲਗਾਉਣ ਲਈ ਅਗਲੀ ਜਾਂਚ ਕਰ ਰਹੀ ਹੈ।


ਕਥਾ
ਸਮਾਗਮ
ਆਵਾਜ਼ਿ ਕੌਮ
AWAZE QAUM
International Newspaper & WEB TV
ਸ੍ਰੀ ਮਾਨ
ਸੰਤ ਗਿਆਨੀ
ਹਰਨਾਮ ਸਿੰਘ ਜੀ ਖਾਲਸਾ
ਭਿੰਡਰਾਂਵਾਲੇ
ਮੌਜੂਦਾ ਮੁਖੀ ਦਮਦਮੀ ਟਕਸਾਲ ਜਥਾ
ਭਿੰਡਰਾਂ ਮਹਿਤਾ (ਪ੍ਰਧਾਨ ਸੰਤ ਸਮਾਜ)
ਗੁਰਦੁਆਰਾ
ਬਾਬਾ ਸੰਗ ਜੀ
7-9 St Paul's Rd, Smethwick B66 1EE
ਸ਼ੁੱਕਰਵਾਰ
19 ਜੂਨ 2026
ਸ਼ਾਮ 7:00 ਵਜੇ
ਹੋਰ ਜਾਣਕਾਰੀ ਲਈ ਜਗਜੀਤ ਸਿੰਘ ਦਮਦਮੀ ਟਕਸਾਲ ਨਾਲ
+447478 804044 'ਤੇ ਸੰਪਰਕ ਕਰੋ।

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net




ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net


## ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ - ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

**1 ਨਵੰਬਰ 2026, ਦਿਨ ਐਤਵਾਰ ਨੂੰ**

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
**ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137**
**ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ**
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ
84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਸ਼ਹੀਦੀ ਦਿਹਾੜਾ

ਸ਼ਹੀਦੀ ਜੋੜ ਮੇਲਾ ਸ਼ਹੀਦਾਂ ਦੇ ਸਿਰਤਾਜ ਧੰਨ ਧੰਨ ਸ਼੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ 20 ਜੂਨ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।**

ਐਤਵਾਰ 21 ਜੂਨ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਕੀਰਤਨੀ ਜਥਾ ਰਾਗੀ ਭਾਈ ਜਸਵੰਤ ਸਿੰਘ ਨਾਨਕ ਮੱਤੇ ਵਾਲੇ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਛਬੀਲ ਲਗਾਈ ਜਾਵੇਗੀ, ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778


KATHA
SAMAGAM
ਆਵਾਜ਼ਿ ਕੌਮ
AWAZE QAUM
International Newspaper & WEB TV
SHRI MAAN
SANT GIANI
HARNAM SINGH JI
KHALSA BHINDRANWALE
Maujuda Mukhi Damdami Jatha Bhindran Mehta
(Pardhan Sant Samaj)
GURDWARA
BABA SANG JI
7-9 St Paul's Rd, Smethwick B66 1EE
FRIDAY
19TH JUNE 2026
7PM
For further information contact Jagjeet
Singh Damdami Taksal +447478 804044

### ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੀ ਤੀਜੀ ਸ਼ਹੀਦੀ ਵਰ੍ਹੇਗੰਢ ਮੌਕੇ ਸਿਟੀਜ਼ਨ ਕੋਰਟ ਦਾ ਆਯੋਜਨ

# ਭਾਰਤੀ ਅਧਿਕਾਰੀਆਂ ਖ਼ਿਲਾਫ਼ ਫੌਜਦਾਰੀ ਕਾਰਵਾਈ ਦੀ ਮੰਗ, ਅੰਬੈਸੀਆਂ ਬੰਦ ਕਰਨ ਦੀ ਮੰਗ









**ਵੈਨਕੂਵਰ, 19 ਜੂਨ (ਸਰਬਜੀਤ ਸਿੰਘ ਬਨੂੜ)-** ਗੁਰੂ ਨਾਨਕ ਸਿੱਖ ਗੁਰਦੁਆਰਾ ਡੈਲਟਾ ਸਰੀ ਦੇ ਮੁੱਖ ਸੇਵਾਦਾਰ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੀ ਤੀਜੀ ਸ਼ਹੀਦੀ ਵਰ੍ਹੇਗੰਢ ਮੌਕੇ ਵੈਨਕੂਵਰ ਸਥਿਤ ਭਾਰਤੀ ਕੌਂਸਲੇਟ ਦੇ ਬਾਹਰ ਕੈਨੇਡਾ ਦੀ ਸਿਟੀਜ਼ਨ ਕੋਰਟ ਲਗਾਈ ਗਈ, ਜਿਸ ਵਿੱਚ ਭਾਰਤੀ ਡਿਪਲੋਮੈਟਾਂ ਖ਼ਿਲਾਫ਼ ਨਿੱਝਰ ਹੱਤਿਆਕਾਂਡ ਸੰਬੰਧੀ ਜਨਤਕ ਸੁਣਵਾਈ ਕੀਤੀ ਗਈ। ਇਸ ਮੌਕੇ ਸੈਂਕੜੇ ਸਿੱਖਾਂ ਨੇ ਇਸ ਇਕੱਠ ਵਿੱਚ ਸ਼ਮੂਲੀਅਤ ਕਰਦਿਆਂ ਸ਼ਹੀਦ ਨਿੱਝਰ ਲਈ ਇਨਸਾਫ਼ ਅਤੇ ਜਵਾਬਦੇਹੀ ਦੀ ਮੰਗ ਕੀਤੀ। ਇਸ ਮੌਕੇ ਸਿੱਖਸ ਫਾਰ ਜਸਟਿਸ (SFJ) ਵੱਲੋਂ ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੂੰ ਇੱਕ ਮੈਮੋਰੈਂਡਮ ਸੌਂਪਿਆ ਗਿਆ, ਜਿਸ ਵਿੱਚ ਨਿੱਝਰ ਹੱਤਿਆਕਾਂਡ ਵਿੱਚ ਕਥਿਤ ਤੌਰ 'ਤੇ ਸ਼ਾਮਲ ਭਾਰਤੀ ਅਧਿਕਾਰੀਆਂ ਖ਼ਿਲਾਫ਼ ਫੌਜਦਾਰੀ ਕਾਰਵਾਈ ਦੀ ਮੰਗ ਕੀਤੀ ਗਈ। SFJ ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂ ਨੇ ਕਿਹਾ ਕਿ ਕੈਨੇਡਾ ਦੀ ਪ੍ਰਭੂਸੱਤਾ ਅਤੇ ਆਪਣੇ ਨਾਗਰਿਕਾਂ ਦੀ ਸੁਰੱਖਿਆ ਨੂੰ ਭਾਰਤ ਨਾਲ ਵਪਾਰਕ ਸੰਬੰਧਾਂ ਤੋਂ ਪਹਿਲਾਂ ਰੱਖਿਆ ਜਾਣਾ ਚਾਹੀਦਾ ਹੈ ਅਤੇ ਨਿੱਝਰ ਹੱਤਿਆਕਾਂਡ ਵਿੱਚ ਸ਼ਾਮਲ ਲੋਕਾਂ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਲਿਆਂਦਾ ਜਾਣਾ ਚਾਹੀਦਾ ਹੈ। ਇਸ ਮੌਕੇ ਡਾ ਬਖ਼ਸ਼ੀਸ਼ ਸਿੰਘ, ਭਾਈ ਅਵਤਾਰ ਸਿੰਘ ਪੰਨੂੰ, ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਹਰਮੀਤ ਸਿੰਘ, ਭਾਈ ਗੁਰਮੀਤ ਸਿੰਘ ਤੂਰ , ਭਾਈ ਇੰਦਰਜੀਤ ਸਿੰਘ ਗੋਸਲ ਆਦਿ ਆਗੂ ਸ਼ਾਮਲ ਹੋਏ। ਇਸ ਮੌਕੇ ਕਨੇਡਾ ਵਿੱਚ ਭਾਰਤੀ ਸਫ਼ਾਰਤਖ਼ਾਨਿਆਂ ਨੂੰ ਬੰਦ ਕਰਨ ਦੀ ਮੰਗ ਕੀਤੀ ਗਈ।ਬੁਲਾਰਿਆਂ ਨੇ ਕਿਹਾ ਕਿ ਭਾਰਤੀ ਸਫ਼ਾਰਤਖ਼ਾਨਿਆਂ ਵਿੱਚੋਂ ਹੀ ਕਨੇਡਾ ਨਾਗਰਿਕਾਂ ਨੂੰ ਫ਼ਿਰੌਤੀ ਤੇ ਜਾਨੋਂ ਮਾਰਨ ਦੇ ਹੁਕਮ ਹੁੰਦੇ ਹਨ। ਇਨ੍ਹਾਂ ਨੂੰ ਬੰਦ ਕਰ ਦੇਣਾ ਚਾਹੀਦਾ ਹੈ।

### ਅਮਰੀਕਾ ਦੌਰੇ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ

# ਅਮਰ ਸ਼ਹੀਦ ਭਾਈ ਅਮਰੀਕ ਸਿੰਘ ਦੇ ਪਰਿਵਾਰ ਨਾਲ ਕੀਤੀ ਮੁਲਾਕਾਤ





**ਅੰਮ੍ਰਿਤਸਰ, 19 ਜੂਨ (ਆਵਾਜ਼ਿ ਕੌਮ ਬਿਊਰੋ)-** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਆਪਣੇ ਅਮਰੀਕਾ ਦੌਰੇ ਦੌਰਾਨ ਅਮਰ ਸ਼ਹੀਦ ਭਾਈ ਅਮਰੀਕ ਸਿੰਘ ਜੀ ਦੀ ਧਰਮਪਤਨੀ ਬੀਬੀ ਹਰਮੀਤ ਕੌਰ, ਸਪੁੱਤਰ ਭਾਈ ਤਰਲੋਚਨ ਸਿੰਘ ਅਤੇ ਪਰਿਵਾਰ ਨਾਲ ਵਿਸ਼ੇਸ਼ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਕੁਰਬਾਨੀਆਂ ਅਤੇ ਪੰਥ ਪ੍ਰਤੀ ਨਿਭਾਈਆਂ ਸੇਵਾਵਾਂ ਨੂੰ ਸਤਿਕਾਰ ਸਹਿਤ ਯਾਦ ਕੀਤਾ। ਉਨ੍ਹਾਂ ਭਾਈ ਅਮਰੀਕ ਸਿੰਘ ਦੇ ਪਰਿਵਾਰ ਨਾਲ ਪੰਥਕ ਵਿਚਾਰਾਂ ਵੀ ਕੀਤੀਆਂ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਨਾਲ ਵਫ਼ਦ ਵਿਚ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਓਐਸਡੀ ਸ. ਸਤਬੀਰ ਸਿੰਘ ਵੀ ਮੌਜੂਦ ਸਨ।

ਐਡਵੋਕੇਟ ਧਾਮੀ ਨੇ ਕਿਹਾ ਕਿ ਅਮਰ ਸ਼ਹੀਦ ਭਾਈ ਅਮਰੀਕ ਸਿੰਘ ਜੀ ਦਾ ਨਾਮ ਸਿੱਖ ਕੌਮ ਦੇ ਇਤਿਹਾਸ ਵਿੱਚ ਅਦੁੱਤੀ ਕੁਰਬਾਨੀ, ਦ੍ਰਿੜ੍ਹਤਾ ਅਤੇ ਪੰਥਕ ਸਮਰਪਣ ਦੇ ਪ੍ਰਤੀਕ ਵਜੋਂ ਸਦਾ ਯਾਦ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਭਾਈ ਅਮਰੀਕ ਸਿੰਘ ਨੇ ਆਪਣੇ ਜੀਵਨ ਨੂੰ ਸਿੱਖ ਕੌਮ ਦੇ ਹੱਕਾਂ, ਧਾਰਮਿਕ ਆਜ਼ਾਦੀ ਅਤੇ ਕੌਮ ਦੀ ਚੜ੍ਹਦੀ ਕਲਾ ਲਈ ਸਮਰਪਿਤ ਕੀਤਾ ਅਤੇ ਉਨ੍ਹਾਂ ਦੀ ਸ਼ਹਾਦਤ ਨੇ ਸਿੱਖ ਸੰਘਰਸ਼ ਦੇ ਇਤਿਹਾਸ ਵਿੱਚ ਵਿਸ਼ੇਸ਼ ਸਥਾਨ ਹਾਸਲ ਕੀਤਾ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਪਰਿਵਾਰਕ ਮੈਂਬਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ਼ਹੀਦਾਂ ਦੇ ਪਰਿਵਾਰਾਂ ਦਾ ਸਤਿਕਾਰ ਕਰਨਾ ਸਮੁੱਚੀ ਕੌਮ ਦਾ ਫਰਜ਼ ਹੈ। ਉਨ੍ਹਾਂ ਕਿਹਾ ਕਿ ਅਜਿਹੇ ਪਰਿਵਾਰਾਂ ਨੇ ਪੰਥ ਦੀ ਚੜ੍ਹਦੀ ਕਲਾ ਲਈ ਵੱਡੀਆਂ ਕੁਰਬਾਨੀਆਂ ਦਿੱਤੀਆਂ ਹਨ, ਜਿਨ੍ਹਾਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਭਾਈ ਅਮਰੀਕ ਸਿੰਘ ਜੀ ਦੇ ਜੀਵਨ, ਵਿਚਾਰਧਾਰਾ ਅਤੇ ਪੰਥਕ ਯੋਗਦਾਨ ਬਾਰੇ ਵੀ ਵਿਚਾਰ ਸਾਂਝੇ ਕੀਤੇ।

# ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਨੇ ਲੋਕ ਮਿਲਣੀ ਤਹਿਤ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕੀਤਾ





**ਜੰਡਿਆਲਾ ਗੁਰੂ, 19 ਜੂਨ (ਕੁਲਵੰਤ ਸਿੰਘ ਵਿਰਦੀ )** - ਪੰਜਾਬ ਦੇ ਲੋਕ ਨਿਰਮਾਣ ਮੰਤਰੀ ਅਤੇ ਹਲਕਾ ਜੰਡਿਆਲਾ ਗੁਰੂ ਦੇ ਵਿਧਾਇਕ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਹਲਕੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਦਿਆਂ ਲੋਕ ਮਿਲਣੀ ਪ੍ਰੋਗਰਾਮ ਤਹਿਤ ਜਨਤਾ ਨਾਲ ਸਿੱਧਾ ਰਾਬਤਾ ਕਾਇਮ ਕੀਤਾ ਗਿਆ। ਇਸ ਦੌਰਾਨ ਲੋਕਾਂ ਦੀਆਂ ਸਮੱਸਿਆਵਾਂ, ਸਥਾਨਕ ਵਿਕਾਸ ਕਾਰਜਾਂ ਅਤੇ ਬੁਨਿਆਦੀ ਢਾਂਚੇ ਨਾਲ ਜੁੜੇ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈਟੀਓ ਵੱਲੋਂ ਸਭ ਤੋਂ ਪਹਿਲਾਂ ਪਿੰਡ ਬੁੱਟਰ ਸੀਵੀਆ ਵਿੱਚ ਪਿੰਡ ਵਾਸੀਆਂ ਨਾਲ ਮੁਲਾਕਾਤ ਕੀਤੀ ਗਈ ਅਤੇ ਉਨ੍ਹਾਂ ਦੀਆਂ ਜ਼ਰੂਰਤਾਂ ਨੂੰ ਧਿਆਨ ਨਾਲ ਸੁਣਿਆ ਗਿਆ। ਇਸ ਤੋਂ ਬਾਅਦ ਪਿੰਡ ਧਰਮੂਚੱਕ, ਪਿੰਡ ਦਬੁਰਜੀ ਅਤੇ ਪਿੰਡ ਉਦੋਨੰਗਲ ਖੁਰਦ ਵਿੱਚ ਆਯੋਜਿਤ ਲੋਕ ਮਿਲਣੀ ਪ੍ਰੋਗਰਾਮਾਂ ਵਿੱਚ ਸ਼ਮੂਲੀਅਤ ਕਰਦਿਆਂ ਲੋਕਾਂ ਨਾਲ ਖੁੱਲ੍ਹਾ ਸੰਵਾਦ ਕੀਤਾ ਗਿਆ ਅਤੇ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਹੁਣ ਤੱਕ ਕੀਤੇ ਗਏ ਵਿਕਾਸ ਕਾਰਜਾਂ ਤੇ ਚਾਨਣਾ ਪਾਇਆ ਗਿਆ।ਇਨ੍ਹਾਂ ਮਿਲਣੀਆਂ ਦੌਰਾਨ ਸੜਕਾਂ, ਪੀਣ ਵਾਲੇ ਪਾਣੀ, ਸਫਾਈ ਪ੍ਰਬੰਧ, ਸਿਹਤ ਸਹੂਲਤਾਂ ਅਤੇ ਹੋਰ ਲੋਕ ਭਲਾਈ ਮੁੱਦਿਆਂ ਬਾਰੇ ਲੋਕਾਂ ਵੱਲੋਂ ਆਪਣੇ ਵਿਚਾਰ ਅਤੇ ਸਮੱਸਿਆਵਾਂ ਸਾਂਝੀਆਂ ਕੀਤੀਆਂ ਗਈਆਂ। ਲੋਕ ਨਿਰਮਾਣ ਮੰਤਰੀ ਨੇ ਮੌਕੇ 'ਤੇ ਹੀ ਸੰਬੰਧਤ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਜਨਤਾ ਦੀਆਂ ਸਮੱਸਿਆਵਾਂ ਦਾ ਤੁਰੰਤ ਅਤੇ ਪ੍ਰਭਾਵਸ਼ਾਲੀ ਹੱਲ ਸਰਕਾਰ ਦੀ ਸਭ ਤੋਂ ਵੱਡੀ ਪ੍ਰਾਥਮਿਕਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ ਅਤੇ ਹਰ ਪਿੰਡ ਤੱਕ ਬੁਨਿਆਦੀ ਸਹੂਲਤਾਂ ਪਹੁੰਚਾਉਣਾ ਸਰਕਾਰ ਦਾ ਮੁੱਖ ਉਦੇਸ਼ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨਾਲ ਸਿੱਧਾ ਸੰਵਾਦ ਕਰਕੇ ਜ਼ਮੀਨੀ ਹਕੀਕਤਾਂ ਨੂੰ ਸਮਝਣਾ ਅਤੇ ਉਸ ਅਨੁਸਾਰ ਨੀਤੀਆਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣਾ ਹੀ ਇਸ ਦੌਰੇ ਦਾ ਮੁੱਖ ਮਕਸਦ ਸੀ।ਇਸ ਮੌਕੇ ਪਿੰਡ ਵਾਸੀਆਂ ਵੱਲੋਂ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈਟੀਓ ਦਾ ਸਨਮਾਨ ਕੀਤਾ ਗਿਆ ਅਤੇ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਲਈ ਧੰਨਵਾਦ ਪ੍ਰਗਟਾਇਆ ਗਿਆ। ਜ਼ਿਕਰਯੋਗ ਹੈ ਕਿ ਹਲਕਾ ਜੰਡਿਆਲਾ ਗੁਰੂ ਵਿੱਚ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਵੱਖ ਵੱਖ ਪਿੰਡਾਂ, ਵਾਰਡਾਂ ਵਿੱਚ ਪਹੁੰਚਕੇ ਮਾਨ ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ ਭਲਾਈ ਕਾਰਜਾਂ ਤੋਂ ਲੋਕਾਂ ਨੂੰ ਜਾਣੂ ਕਰਵਾਇਆ ਜਾ ਰਿਹਾ ਹੈ।

ਭਗਵੰਤ ਮਾਨ ਕੁਰਸੀ ਬਚਾਉਣ ਲਈ ਕੇਜਰੀਵਾਲ ਦੀ

# ਸਿੱਖ-ਮਾਰੂ ਸੋਚ ਦੀ ਖੁੱਲ੍ਹੀ ਤਰਜਮਾਨੀ ਕਰ ਰਿਹਾ : ਪ੍ਰੋ. ਖਿਆਲਾ, ਔਲਖ

☛ "ਜੇਕਰ ਭਗਵੰਤ ਮਾਨ ਨੂੰ ਨਾਨਕ ਨਾਮ-ਲੇਵਾ ਸੰਗਤਾਂ ਦੀਆਂ ਭਾਵਨਾਵਾਂ ਅਤੇ ਜਜ਼ਬਾਤਾਂ ਦੀ ਸੱਚਮੁੱਚ ਪਰਵਾਹ ਹੁੰਦੀ, ਤਾਂ ਉਹ ਹੁਣ ਤੱਕ ਆਪਣੇ ਅਹੁਦੇ ਤੋਂ ਅਸਤੀਫਾ ਦੇ ਚੁੱਕੇ ਹੁੰਦੇ।" - ਪ੍ਰੋ. ਸਰਚਾਂਦ ਸਿੰਘ ਖਿਆਲਾ ☛ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਅਤੇ ਰਾਜ ਸਭਾ ਮੈਂਬਰ ਤਰੁਣ ਚੁੱਘ ਦਾ ਅੰਮ੍ਰਿਤਸਰ ਵਿਖੇ ਪ੍ਰੋ. ਖਿਆਲਾ ਤੇ ਸ. ਔਲਖ ਵੱਲੋਂ ਨਿੱਘਾ ਸਵਾਗਤ।

**ਅੰਮ੍ਰਿਤਸਰ, 19 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਨਵ-ਨਿਯੁਕਤ ਪ੍ਰਧਾਨ ਸਰਦਾਰ ਕੇਵਲ ਸਿੰਘ ਢਿੱਲੋਂ ਅਤੇ ਰਾਜ ਸਭਾ ਮੈਂਬਰ ਚੁਣੇ ਗਏ ਭਾਜਪਾ ਦੇ ਕੌਮੀ ਜਨਰਲ ਸਕੱਤਰ ਸ੍ਰੀ ਤਰੁਣ ਚੁੱਘ ਦੇ ਅੰਮ੍ਰਿਤਸਰ ਪਹੁੰਚਣ 'ਤੇ ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਅਤੇ ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਸ. ਹਰਦਿਆਲ ਸਿੰਘ ਔਲਖ ਵੱਲੋਂ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ।



ਇਸ ਮੌਕੇ ਸ. ਕੇਵਲ ਸਿੰਘ ਢਿੱਲੋਂ ਅਤੇ ਸ੍ਰੀ ਤਰੁਣ ਚੁੱਘ ਨਾਲ ਪ੍ਰੋ. ਖਿਆਲਾ ਅਤੇ ਸ. ਔਲਖ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦੁਰਗਿਆਣਾ ਮੰਦਰ, ਸ੍ਰੀ ਰਾਮ ਤੀਰਥ ਅਤੇ ਜਲ੍ਹਿਆਂਵਾਲਾ ਬਾਗ ਸਮੇਤ ਅਹਿਮ ਧਾਰਮਿਕ ਅਤੇ ਇਤਿਹਾਸਕ ਅਸਥਾਨਾਂ ਵਿਖੇ ਨਤਮਸਤਕ ਹੋ ਕੇ ਪੰਜਾਬ ਦੀ ਖੁਸ਼ਹਾਲੀ, ਅਮਨ-ਸ਼ਾਂਤੀ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ।

ਪ੍ਰੋ. ਖਿਆਲਾ ਅਤੇ ਸ. ਔਲਖ ਨੇ ਦੱਸਿਆ ਕਿ ਸ. ਕੇਵਲ ਸਿੰਘ ਢਿੱਲੋਂ ਅਤੇ ਸ੍ਰੀ ਤਰੁਣ ਚੁੱਘ ਦੇ ਅੰਮ੍ਰਿਤਸਰ ਦੌਰੇ ਨੂੰ ਲੈ ਕੇ ਭਾਜਪਾ ਵਰਕਰਾਂ ਅਤੇ ਆਮ ਲੋਕਾਂ ਨੇ ਭਾਰੀ ਉਤਸ਼ਾਹ ਦਿਖਾ ਕੇ ਦੋਵੇਂ ਆਗੂਆਂ ਦੀ ਅਗਵਾਈ ਵਿੱਚ ਪੰਜਾਬ ਭਾਜਪਾ ਦੀ ਮਜ਼ਬੂਤੀ ਅਤੇ ਸੂਬੇ ਵਿੱਚ ਇੱਕ ਨਵੇਂ ਰਾਜਨੀਤਿਕ ਵਿਕਲਪ ਵਜੋਂ ਭਾਜਪਾ ਪ੍ਰਤੀ ਆਪਣਾ ਵਿਸ਼ਵਾਸ ਪ੍ਰਗਟ ਕੀਤਾ। ਇਸੇ ਦੌਰਾਨ ਆਗੂਆਂ ਨਾਲ ਪੰਜਾਬ ਨੂੰ ਦਰਪੇਸ਼ ਗੰਭੀਰ ਚੁਣੌਤੀਆਂ ਉੱਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਇਨ੍ਹਾਂ ਵਿੱਚ ਵਧ ਰਹੀ ਬੇਰੁਜ਼ਗਾਰੀ, ਨਸ਼ਾ, ਗੈਂਗਸਟਰਵਾਦ, ਅਮਨ-ਕਾਨੂੰਨ ਦੀ ਵਿਗੜਦੀ ਸਥਿਤੀ, ਸੂਬੇ ਵਿੱਚ ਪੂੰਜੀ ਨਿਵੇਸ਼ ਦੀ ਘਾਟ, ਵਪਾਰੀਆਂ ਅਤੇ ਉਦਯੋਗਪਤੀਆਂ ਨੂੰ ਮਿਲ ਰਹੀਆਂ ਫਿਰੌਤੀ ਦੀਆਂ ਧਮਕੀਆਂ, ਵਿਕਾਸ ਕਾਰਜਾਂ ਦਾ ਠੱਪ ਹੋਣਾ, ਬੇਅਦਬੀ ਮਾਮਲਿਆਂ ਵਿੱਚ ਸਰਕਾਰ ਦੀ ਨਾਕਾਮ ਕਾਰਗੁਜ਼ਾਰੀ ਅਤੇ ਸਿੱਖ ਪੰਥ ਨਾਲ ਸਬੰਧਤ ਅਹਿਮ ਮਸਲਿਆਂ ਸਮੇਤ ਹਿੰਦੂ-ਸਿੱਖ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਕਰਨ ਦੇ ਵਿਸ਼ਿਆਂ ਉੱਤੇ ਗੰਭੀਰ ਵਿਚਾਰ ਕੀਤਾ ਗਿਆ। ਇਸ ਮੌਕੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਜੁੜੇ ਵਿਵਾਦ ਅਤੇ ਉਸ ਦੁਆਰਾ ਦਸ ਗੁਰੂ ਸਾਹਿਬਾਨਾਂ ਦੀ ਤਸਵੀਰ ਦੇ ਕੀਤੇ ਗਏ ਅਪਮਾਨ ਸਬੰਧੀ ਵੀਡੀਓ ਦੇ ਫੋਰੈਂਸਿਕ ਨਤੀਜਿਆਂ ਤੋਂ ਬਾਅਦ ਸਿੱਖ ਹਿਰਦਿਆਂ ਨੂੰ ਠੇਸ ਪਹੁੰਚਾਉਣ ਦੇ ਮਾਮਲੇ ਵਿੱਚ ਮਾਨ ਨੂੰ ਸਿੱਖ ਪੰਥ ਵਿੱਚੋਂ ਖਾਰਜ ਕੀਤੇ ਜਾਣ ਨਾਲ ਪੈਦਾ ਹੋਈ ਸਥਿਤੀ ਬਾਰੇ ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਾਰੀ ਹੋਏ ਆਦੇਸ਼ਾਂ ਨੂੰ ਚੁਣੌਤੀ ਦੇਣ ਅਤੇ ਪੰਥਕ ਭਾਵਨਾਵਾਂ ਨੂੰ ਅਣਡਿੱਠਾ ਕਰਨ ਪਿੱਛੇ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਸਿੱਖ ਮਸਲਿਆਂ ਪ੍ਰਤੀ ਅਸੰਵੇਦਨਸ਼ੀਲ ਸੋਚ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਆਪ ਵੱਲੋਂ 2014 ਦੀਆਂ ਚੋਣਾਂ ਦੌਰਾਨ ਚੋਣ ਮੈਨੀਫੈਸਟੋ ਦੇ ਕਵਰ ਉੱਤੇ ਸ੍ਰੀ ਦਰਬਾਰ ਸਾਹਿਬ ਦੀ ਤਸਵੀਰ ਦੇ ਨਾਲ ਝਾੜੂ ਦੀ ਤਸਵੀਰ ਲਗਾ ਕੇ ਸਿੱਖ ਹਿਰਦਿਆਂ ਨੂੰ ਠੇਸ ਪਹੁੰਚਾਈ ਗਈ ਸੀ। ਉਸ ਸਮੇਂ ਆਮ ਆਦਮੀ ਪਾਰਟੀ ਦੇ ਪੰਜਾਬ ਪ੍ਰਧਾਨ ਸ. ਸੁੱਚਾ ਸਿੰਘ ਛੋਟੇਪੁਰ ਵੱਲੋਂ ਇਸ ਮਾਮਲੇ ਪ੍ਰਤੀ ਪ੍ਰਗਟਾਈ ਚਿੰਤਾ ਉੱਤੇ ਕੇਜਰੀਵਾਲ ਵੱਲੋਂ ਸਿੱਖ ਜਜ਼ਬਾਤਾਂ ਅਤੇ ਰਵਾਇਤਾਂ ਨੂੰ ਦਰਕਿਨਾਰ ਕਰਦਿਆਂ ਇਹ ਕਿਹਾ ਗਿਆ ਕਿ "ਤੁਝੇ ਸਿੱਖੀ ਸੇ ਨਿਕਾਲ ਦੇਤਾ ਤੋ ਕਿਆ ਹੋ ਜਾਤਾ" ਅੱਜ ਭਗਵੰਤ ਮਾਨ ਕੁਰਸੀ ਕਾਇਮ ਰੱਖਣ ਲਈ ਕੇਜਰੀਵਾਲ ਦੀ ਇਸੇ ਸਿੱਖ-ਮਾਰੂ ਸੋਚ ਤੇ ਮਾਨਸਿਕਤਾ ਦੀ ਖੁੱਲ੍ਹੀ ਤਰਜਮਾਨੀ ਕਰ ਰਿਹਾ ਹੈ। "ਜੇਕਰ ਭਗਵੰਤ ਮਾਨ ਨੂੰ ਨਾਨਕ ਨਾਮ-ਲੇਵਾ ਸੰਗਤਾਂ ਦੀਆਂ ਭਾਵਨਾਵਾਂ ਅਤੇ ਜਜ਼ਬਾਤਾਂ ਦੀ ਸੱਚਮੁੱਚ ਪਰਵਾਹ ਹੁੰਦੀ, ਤਾਂ ਉਹ ਹੁਣ ਤੱਕ ਆਪਣੇ ਅਹੁਦੇ ਤੋਂ ਅਸਤੀਫਾ ਦੇ ਚੁੱਕੇ ਹੁੰਦੇ।" ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ। ਪ੍ਰੋ. ਖਿਆਲਾ ਨੇ ਕਿਹਾ ਕਿ ਸਿੱਖ ਧਰਮ ਅਤੇ ਸਿੱਖ ਸੰਸਥਾਵਾਂ ਨਾਲ ਸਬੰਧਤ ਮਾਮਲਿਆਂ ਵਿੱਚ ਨਿਮਰਤਾ, ਸਤਿਕਾਰ ਅਤੇ ਜਵਾਬਦੇਹੀ ਦੀ ਲੋੜ ਹੁੰਦੀ ਹੈ, ਪਰ ਮੌਜੂਦਾ ਸਰਕਾਰ ਦਾ ਰਵੱਈਆ ਇਸ ਦੇ ਬਿਲਕੁਲ ਉਲਟ ਹੈ। ਉਹਨਾਂ ਨੇ ਕਿਹਾ ਕਿ ਮੁੱਖ ਮੰਤਰੀ ਮਾਨ ਨੇ ਵਿਸ਼ਵ ਭਰ ਦੀਆਂ ਸਿੱਖ ਸੰਗਤਾਂ ਅਤੇ ਨਾਨਕ ਨਾਮ-ਲੇਵਾ ਸੰਗਤਾਂ ਦੇ ਮਨਾਂ ਨੂੰ ਠੇਸ ਪਹੁੰਚਾਈ ਹੈ ਤਾਂ ਸਰਕਾਰ ਦਾ ਫ਼ਰਜ਼ ਬਣਦਾ ਹੈ ਕਿ ਉਹ ਇਸ ਮਾਮਲੇ ਵਿੱਚ ਪਰਚਾ ਦਰਜ ਕਰ ਅਤੇ ਪੂਰੀ ਪਾਰਦਰਸ਼ਤਾ ਅਤੇ ਨਿਰਪੱਖਤਾ ਨਾਲ ਜਾਂਚ ਕਰਵਾਏ ਅਤੇ ਸਚਾਈ ਲੋਕਾਂ ਸਾਹਮਣੇ ਲਿਆਵੇ। ਉਨ੍ਹਾਂ ਕਿਹਾ ਕਿ ਧਾਰਮਿਕ ਭਾਵਨਾਵਾਂ ਨਾਲ ਜੁੜੇ ਮਾਮਲਿਆਂ ਨੂੰ ਰਾਜਨੀਤਿਕ ਹੰਕਾਰ ਦਾ ਵਿਸ਼ਾ ਬਣਾਉਣ ਦੀ ਬਜਾਏ ਸੰਵੇਦਨਸ਼ੀਲਤਾ ਤੇ ਕਾਨੂੰਨ ਦੇ ਸੰਦਰਭ ਵਿੱਚ ਨਿਪਟਾਇਆ ਜਾਣਾ ਚਾਹੀਦਾ ਹੈ। ਆਗੂਆਂ ਨੇ ਇਸ ਗੱਲ ਉੱਤੇ ਵੀ ਜ਼ੋਰ ਦਿੱਤਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਪੰਜਾਬ, ਪੰਜਾਬੀਅਤ ਅਤੇ ਸਿੱਖ ਭਾਈਚਾਰੇ ਦੇ ਹਿੱਤਾਂ ਲਈ ਕੀਤੇ ਗਏ ਇਤਿਹਾਸਕ ਕਾਰਜਾਂ ਅਤੇ ਵਿਕਾਸਮੁਖੀ ਪਹਿਲਕਦਮੀਆਂ ਨੂੰ ਲੋਕਾਂ ਤੱਕ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਇਆ ਜਾਵੇ ਅਤੇ ਪੰਜਾਬ ਵਿੱਚ ਭਾਜਪਾ ਨੂੰ ਇੱਕ ਮਜ਼ਬੂਤ ਲੋਕਧਾਰਾ ਵਜੋਂ ਸਥਾਪਿਤ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਅੱਜ ਇੱਕ ਨਿਰਣਾਇਕ ਮੋੜ ਉੱਤੇ ਖੜ੍ਹਾ ਹੈ ਅਤੇ ਲੋਕ ਸੂਬੇ ਨੂੰ ਅਪਰਾਧ, ਨਸ਼ਿਆਂ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ ਅਤੇ ਵੰਡਵਾਦੀ ਰਾਜਨੀਤੀ ਤੋਂ ਮੁਕਤ ਕਰਕੇ ਵਿਕਾਸ, ਰਾਸ਼ਟਰਵਾਦ, ਭਾਈਚਾਰਕ ਸਦਭਾਵਨਾ ਅਤੇ ਸੁਸ਼ਾਸਨ ਦੇ ਰਾਹ ਉੱਤੇ ਲੈ ਜਾਣ ਵਾਲੀ ਮਜ਼ਬੂਤ ਅਗਵਾਈ ਦੀ ਉਡੀਕ ਕਰ ਰਹੇ ਹਨ। ਭਾਜਪਾ ਇਸ ਜ਼ਿੰਮੇਵਾਰੀ ਨੂੰ ਨਿਭਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਪੰਜਾਬ ਦੇ ਹਰ ਵਰਗ ਨੂੰ ਨਾਲ ਲੈ ਕੇ ਸੂਬੇ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਕੰਮ ਕਰੇਗੀ।

12ਵਾਂ ਅੰਤਰਰਾਸ਼ਟਰੀ ਯੋਗ ਦਿਵਸ

# 21 ਜੂਨ ਐਤਵਾਰ ਨੂੰ ਸ਼ਾਂਤੀ ਨਿਕੇਤਨ ਰਾਮ ਬਾਗ ਧੂਰੀ ਵਿਖੇ ਮਨਾਇਆ ਜਾਵੇਗਾ



**ਧੂਰੀ, ( ਰਣਜੀਤ ਸਿੰਘ ਪੇਧਨੀ )** -ਮਦਨ ਲਾਲ ਬਾਂਸਲ, ਜਿਲ੍ਹਾ ਪ੍ਰਧਾਨ, ਭਾਰਤੀ ਯੋਗ ਸੰਸਥਾਨ ਧੂਰੀ ਨੇ ਜਾਣਕਾਰੀ ਦਿੱਤੀ ਕਿ ਸ਼ਾਂਤੀ ਨਿਕੇਤਨ ਰਾਮ ਬਾਗ ਧੂਰੀ ਵਿਖੇ 12ਵਾਂ ਅੰਤਰਰਾਸ਼ਟਰੀ ਯੋਗ ਦਿਵਸ 21 ਜੂਨ ਐਤਵਾਰ ਸਮਾਂ ਸਵੇਰੇ 5:30 ਤੋਂ 7:15 ਵਜੇ ਬੜੀ ਧੂਮ ਧਾਮ ਨਾਲ ਮਨਾਇਆ ਜਾਵੇਗਾ । ਇਸ ਮੌਕੇ ਵਿਸ਼ੇਸ਼ ਤੌਰ ਤੇ ਪੁੱਜੇ ਮੱਖਣ ਲਾਲ ਗਰਗ, ਪ੍ਰਧਾਨ ਰੋਟਰੀ ਕੱਲਬ ਧੂਰੀ ਨੇ ਯੋਗ ਦੀ ਮੱਹਤਤਾ ਉੱਤੇ ਚਾਨਣ ਪਾਉਂਦਿਆ ਕਿਹਾ ਕਿ ਅੱਜ ਦੀ ਇਸ ਭੱਗਦੋੜ ਭਰੀ ਜਿੰਦਗੀ ਵਿੱਚ ਯੋਗ ਸਾਡੀ ਜਿੰਦਗੀ ਦਾ ਜਰੂਰੀ ਹਿੱਸਾ ਬਣ ਗਿਆ ਹੈ ਜਿਸ ਨੂੰ ਅਪਣਾ ਕੇ ਅਸੀ ਬਹੁਤ ਸਾਰੀਆਂ ਗੰਭੀਰ ਬਿਮਾਰੀਆਂ ਤੋਂ ਬਚ ਸਕਦੇ ਹਾਂ । ਇਸ ਮੌਕੇ ਰਾਕੇਸ਼ ਕੁਮਾਰ ਗੋਇਲ ਪ੍ਰਧਾਨ ਰਾਮ ਬਾਗ ਕਮੇਟੀ ਧੂਰੀ ਨੇ ਕਿਹਾ ਕਿ ਅੰਤਰਰਾਸ਼ਟਰੀ ਯੋਗ ਦਿਵਸ ਦਾ ਮੁੱਖ ਮੰਤਵ ਲੋਕਾਂ ਨੂੰ ਸਿਹਤ ਦੇ ਲਾਭਾਂ ਪ੍ਰਤੀ ਜਾਗਰੂਕ ਕਰਨਾ ਹੈ । ਯੋਗ ਸ਼ਿਕਸ਼ਕ ਮਹਿੰਦਰ ਕੁਮਾਰ ਗਰਗ ਨੇ ਜਾਣਕਾਰੀ ਦਿੰਦਿਆ ਕਿਹਾ ਕਿ ਪੂਰੇ ਭਾਰਤ ਦੇਸ਼ ਅਤੇ ਵਿਦੇਸ਼ਾ ਵਿੱਚ ਜਿੱਥੇ ਜਿੱਥੇ ਭਾਰਤੀਯ ਯੋਗ ਸੰਸਥਾਨ ਦੇ ਕੇਂਦਰ ਸਥਾਪਿਤ ਹਨ ਉੱਥੇ ਇਹ ਅੰਤਰਰਾਸ਼ਟਰੀ ਯੋਗ ਦਿਵਸ ਬੜੇ ਉਤਸਾਹ ਨਾਲ ਮਨਾਇਆ ਜਾ ਰਿਹਾ ਹੈ । ਜਿਲ੍ਹਾ ਮੰਤਰੀ ਨਿਸ਼ੀ ਗੋਇਲ ਅਤੇ ਜੋਨ ਪ੍ਰਧਾਨ ਸਰੋਜ ਗਰਗ ਵੱਲੋਂ ਵੱਖ ਵੱਖ ਯੋਗ ਆਸਨ ਅਤੇ ਪ੍ਰਾਣਾਯਾਮ ਵੀ ਕਰਵਾਏ ਗਏ । ਜਿਲ੍ਹਾ ਸੰਗਠਨ ਮੰਤਰੀ ਵਿਜੈ ਗੋਇਲ ਨੇ ਸ਼ਹਿਰ ਨਿਵਾਸੀਆਂ ਨੂੰ ਅਪੀਲ ਕਰਦਿਆ ਕਿਹਾ ਕਿ ਇਸ ਅੰਤਰਰਾਸ਼ਟਰੀ ਯੋਗ ਦਿਵਸ ਦੌਰਾਨ ਵੱਧ ਤੋਂ ਵੱਧ ਲੋਕ ਸ਼ਾਮਿਲ ਹੋਣ ਅਤੇ ਆਪਣੀ ਰੋਜ਼ਾਨਾ ਜੀਵਨਸ਼ੈਲੀ ਦਾ ਹਿੱਸਾ ਬਣਾਉਣ ਦਾ ਸੰਕਲਪ ਕਰਨ । ਰਜਨੀਸ਼ ਕੁਮਾਰ ਗਰਗ ਨੇ ਕਿਹਾ ਕਿ ਰੋਟਰੀ ਕੱਲਬ ਧੂਰੀ ਵੱਲੋਂ ਇਸ ਦਿਵਸ ਮੌਕੇ ਲੋਕਾਂ ਨੂੰ ਰਿਫਰੈਸ਼ਮੈਂਟ ਦਿੱਤੀ ਜਾਵੇਗੀ । ਇਸ ਮੌਕੇ ਸੰਸਥਾਨ ਦੇ ਕੇਂਦਰ ਪ੍ਰਮੁੱਖ ਬਲਜਿੰਦਰ ਸਿੰਘ, ਰਾਮ ਸਿੰਘ, ਸੁਰਿੰਦਰ ਕੁਮਾਰ ਬਾਂਸਲ, ਕੋਮਲ ਗੋਇਲ, ਸੰਜੀਵ ਕੁਮਾਰ, ਰਾਜਿੰਦਰ ਕੁਮਾਰ, ਪਵਨ ਕੁਮਾਰ, ਦੇਵਰਾਜ, ਨਰੇਸ਼ ਕੁਮਾਰ, ਅਨਿਲ ਕੁਮਾਰ, ਲੁਕੇਸ਼ ਕੁਮਾਰ ਲੱਕੀ, ਬੋਬੀ ਜੈਨ, ਵਿਪਨ ਕੁਮਾਰ ਬੰਟੀ, ਰਾਕੇਸ਼ ਕੁਮਾਰ ਗਰਗ, ਜਗਮੇਲ ਸਿੰਘ, ਗੁਰਚਰਣ ਕੌਰ, ਕਰਮਜੀਤ ਸਿੰਘ, ਇੰਦਰਜੀਤ ਗਰੇਵਾਲ, ਯਸ਼ਪਾਲ, ਸੋਹਣ ਲਾਲ, ਜੀਵਨ ਲਤਾ ਸਮੇਤ ਬਹੁ ਗਿਣਤੀ ਵਿੱਚ ਸਾਧਕ ਮੌਜੂਦ ਸਨ।

# ਕਰਨਪ੍ਰਯਾਗ ਮਾਮਲੇ ਵਿੱਚ ਨਿਹੰਗ ਸਿੰਘਾਂ ਵਿਰੁੱਧ ਪੱਖਪਾਤੀ ਕਾਰਵਾਈ ਖ਼ਿਲਾਫ਼ ਸਖ਼ਤ ਇਤਰਾਜ਼: ਪਰਮਜੀਤ ਸਿੰਘ ਵੀਰਜੀ

**ਨਵੀਂ ਦਿੱਲੀ 19 ਜੂਨ (ਮਨਪ੍ਰੀਤ ਸਿੰਘ ਖਾਲਸਾ)**:- ਉੱਤਰਾਖੰਡ ਦੇ ਕਰਨਪ੍ਰਯਾਗ ਵਿੱਚ ਤਿੰਨ ਨਿਹੰਗ ਸਿੰਘਾਂ ਉੱਤੇ ਗੰਭੀਰ ਅਤੇ ਗੈਰ-ਜ਼ਮਾਨਤੀ ਧਾਰਾਵਾਂ ਲਗਾ ਕੇ ਕੀਤੀਆਂ ਗ੍ਰਿਫ਼ਤਾਰੀਆਂ ਦਾ ਅਸੀਂ ਸਖ਼ਤ ਸ਼ਬਦਾਂ ਵਿੱਚ ਵਿਰੋਧ ਕਰਦੇ ਹਾਂ। ਗੁਰੂਬਾਣੀ ਰਿਸਰਚ ਫਾਊਂਡੇਸ਼ਨ ਦੇ ਮੁੱਖੀ ਅਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਬੁਲਾਰੇ ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਸਾਹਮਣੇ ਆਈਆਂ ਵੀਡੀਓਜ਼ ਸਪੱਸ਼ਟ ਕਰਦੀਆਂ ਹਨ ਕਿ ਇਹ ਕੋਈ ਇਕਤਰਫ਼ਾ ਘਟਨਾ ਨਹੀਂ ਸੀ, ਸਗੋਂ ਦੋਵਾਂ ਪਾਸਿਆਂ ਵਿਚਾਲੇ ਹੋਈ ਝੜਪ ਦਾ ਮਾਮਲਾ ਹੈ। ਵੀਡੀਓ ਤੋਂ ਇਹ ਵੀ ਪ੍ਰਤੀਤ ਹੁੰਦਾ ਹੈ ਕਿ ਨਿਹੰਗ ਸਿੰਘਾਂ ਉੱਤੇ ਪਹਿਲਾਂ ਹਮਲਾ ਕੀਤਾ ਗਿਆ, ਜਿਸ ਤੋਂ ਬਾਅਦ ਉਨ੍ਹਾਂ ਨੇ ਆਪਣੀ ਜਾਨ ਅਤੇ ਸਨਮਾਨ ਦੀ ਰੱਖਿਆ ਲਈ ਉਹਨਾਂ ਸ਼ਸਤ੍ਰਾਂ ਦਾ ਇਸਤੇਮਾਲ ਕੀਤਾ ਜਿਨ੍ਹਾਂ ਨੂੰ ਭਾਰਤੀ ਕਾਨੂੰਨ ਅਧੀਨ ਮਾਨਤਾ ਪ੍ਰਾਪਤ ਹੈ। ਓਨ੍ਹਾ ਕਿਹਾ ਜੇਕਰ ਪ੍ਰਸ਼ਾਸਨ ਸਿਰਫ਼ ਇੱਕ ਪੱਖ ਦੀ ਕਹਾਣੀ ਸੁਣ ਕੇ ਕਾਰਵਾਈ ਕਰੇਗਾ ਅਤੇ ਉਪਲਬਧ ਵੀਡੀਓ ਸਬੂਤਾਂ ਨੂੰ ਨਜ਼ਰਅੰਦਾਜ਼ ਕਰੇਗਾ, ਤਾਂ ਇਹ ਨਿਆਂ ਨਹੀਂ ਸਗੋਂ ਪੱਖਪਾਤ ਮੰਨਿਆ ਜਾਵੇਗਾ। ਅਸੀਂ ਉੱਤਰਾਖੰਡ ਸਰਕਾਰ ਅਤੇ ਪ੍ਰਸ਼ਾਸਨ ਨੂੰ ਚੇਤਾਵਨੀ ਭਰੇ ਲਹਿਜ਼ੇ ਵਿੱਚ ਅਪੀਲ ਕਰਦੇ ਹਾਂ ਕਿ ਮਾਮਲੇ ਦੀ ਨਿਰਪੱਖ, ਪਾਰਦਰਸ਼ੀ ਅਤੇ ਤੱਥਾਂ ਅਧਾਰਿਤ ਜਾਂਚ ਕਰਵਾਈ ਜਾਵੇ ਅਤੇ ਦੋਵਾਂ ਧਿਰਾਂ ਦੀ ਭੂਮਿਕਾ ਦਾ ਬਰਾਬਰ ਮੁਲਾਂਕਣ ਕੀਤਾ ਜਾਵੇ। ਓਨ੍ਹਾ ਕਿਹਾ ਨਿਆਂ ਦਾ ਮਾਪਦੰਡ ਇੱਕੋ ਹੋਣਾ ਚਾਹੀਦਾ ਹੈ, ਨਹੀਂ ਤਾਂ ਦੇਸ਼ ਭਰ ਦੀ ਸਿੱਖ ਸੰਗਤ ਇਸ ਮਾਮਲੇ ਨੂੰ ਗੰਭੀਰਤਾ ਨਾਲ ਲਵੇਗੀ ਅਤੇ ਕਾਨੂੰਨੀ ਤੇ ਲੋਕਤਾਂਤਰਿਕ ਢੰਗ ਨਾਲ ਆਪਣੀ ਆਵਾਜ਼ ਬੁਲੰਦ ਕਰੇਗੀ।



# ਸੇਵਾ ਕੇਂਦਰ ਮੁਲਾਜ਼ਮਾਂ ਨਾਲ ਕੀਤੇ ਵਾਅਦਿਆਂ ਤੋਂ ਮੁਕਰੀ ਟੈਰਾਸਿਸ ਕੰਪਨੀ, ਸਰਕਾਰ ਦੇ ਹੁਕਮਾਂ ਦੀ ਵੀ ਨਹੀਂ ਕੀਤੀ ਪਰਵਾਹ- ਬਲਜਿੰਦਰ ਸਿੰਘ

**ਤਲਵੰਡੀ ਸਾਬੋ, 19 ਜੂਨ (ਗੁਰਜੰਟ ਸਿੰਘ ਨਥੇਹਾ)**-ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਪੰਜਾਬ ਪ੍ਰਧਾਨ ਬਲਜਿੰਦਰ ਸਿੰਘ ਮਾਝਾ ਨੇ ਗੰਭੀਰ ਚਿੰਤਾ ਜ਼ਾਹਿਰ ਕਰਦਿਆਂ ਕਿਹਾ ਹੈ ਕਿ ਕੁਝ ਦਿਨ ਪਹਿਲਾਂ ਪੰਜਾਬ ਸਰਕਾਰ ਦੇ ਕੈਬਿਨੇਟ ਮੰਤਰੀ ਅਮਨ ਅਰੋੜਾ ਦੀ ਹਾਜ਼ਰੀ ਵਿੱਚ ਸੇਵਾ ਕੇਂਦਰਾਂ ਨੂੰ ਚਲਾਉਣ ਵਾਲੀ ਟੈਰਾਸਿਸ ਕੰਪਨੀ, ਯੂਨੀਅਨ ਆਗੂਆਂ ਅਤੇ ਸਰਕਾਰੀ ਅਧਿਕਾਰੀਆਂ ਵਿਚਾਲੇ ਹੋਈ ਮੀਟਿੰਗ ਦੌਰਾਨ ਕਈ ਅਹਿਮ ਮੰਗਾਂ 'ਤੇ ਸਹਿਮਤੀ ਬਣੀ ਸੀ। ਮੀਟਿੰਗ ਵਿੱਚ ਕੰਪਨੀ ਵੱਲੋਂ ਭਰੋਸਾ ਦਿੱਤਾ ਗਿਆ ਸੀ ਕਿ ਸਾਰੇ ਮੁਲਾਜ਼ਮਾਂ, ਸਕਿਉਰਿਟੀ ਗਾਰਡਾਂ ਅਤੇ ਸਫਾਈ ਸੇਵਕਾਂ ਅਤੇ ਡੀ.ਐੱਸ.ਡੀ ਉਪਰੇਟਰਾਂ ਦੀ ਤਨਖਾਹ ਸਮੇਂ ਸਿਰ ਜਾਰੀ ਕੀਤੀ ਜਾਵੇਗੀ, ਡੀ.ਐੱਸ.ਡੀ ਉਪਰੇਟਰਾਂ ਦੀ ਟਾਈਮ ਦੀ ਦਰੁਸਤੀ ਬਾਰੇ ਵੀ ਵਿਚਾਰ ਕੀਤਾ ਸੀ ਤੇ ਕਿਹਾ ਸੀ ਕਿ ਕਿਸੇ ਵੀ ਮੁਲਾਜ਼ਮ ਦੀ ਤਨਖਾਹ ਵਿੱਚ ਕਿਸੇ ਤਰ੍ਹਾਂ ਦੀ ਕੋਈ ਕਟੌਤੀ ਨਹੀਂ ਕੀਤੀ ਜਾਵੇਗੀ ਅਤੇ ਕਿਸੇ ਵੀ ਜ਼ਿਲ੍ਹੇ ਦੇ ਡੀਐੱਮ, ਏਡੀਐੱਮ ਜਾਂ ਕੰਪਨੀ ਪ੍ਰਬੰਧਨ ਵੱਲੋਂ ਮੁਲਾਜ਼ਮਾਂ ਨੂੰ ਤੰਗ ਪਰੇਸ਼ਾਨ ਨਹੀਂ ਕੀਤਾ ਜਾਵੇਗਾ। ਪ੍ਰੰਤੂ ਹੈਰਾਨੀਜਨਕ ਤੌਰ 'ਤੇ ਮੀਟਿੰਗ ਤੋਂ ਕੁਝ ਹੀ ਦਿਨਾਂ ਬਾਅਦ ਕੰਪਨੀ ਵੱਲੋਂ ਜਾਰੀ ਕੀਤੀਆਂ ਤਨਖਾਹਾਂ ਵਿੱਚ ਭਾਰੀ ਕਟੌਤੀਆਂ ਕਰ ਦਿੱਤੀਆਂ ਗਈਆਂ। ਸਫਾਈ ਸੇਵਕਾਂ ਅਤੇ ਸਕਿਉਰਿਟੀ ਗਾਰਡਾਂ ਦੀਆਂ ਤਨਖਾਹਾਂ ਤੱਕ ਜਾਰੀ ਨਹੀਂ ਕੀਤੀਆਂ ਗਈਆਂ। ਇਸ ਨਾਲ ਇਹ ਸਪੱਸ਼ਟ ਹੋ ਜਾਂਦਾ ਹੈ ਕਿ ਕੰਪਨੀ ਨੇ ਨਾ ਸਿਰਫ਼ ਆਪਣੇ ਕੀਤੇ ਵਾਅਦੇ ਤੋੜੇ ਹਨ, ਸਗੋਂ ਪੰਜਾਬ ਸਰਕਾਰ ਅਤੇ ਕੈਬਿਨੇਟ ਮੰਤਰੀ ਦੀ ਹਾਜ਼ਰੀ ਵਿੱਚ ਹੋਏ ਸਮਝੌਤੇ ਨੂੰ ਵੀ ਅਣਡਿੱਠਾ ਕੀਤਾ ਹੈ। ਯੂਨੀਅਨ ਨੇ ਦੋਸ਼ ਲਗਾਇਆ ਕਿ ਅੱਜ ਵੀ ਕਈ ਜ਼ਿਲ੍ਹਿਆਂ ਵਿੱਚ ਡੀਐੱਮ ਅਤੇ ਹੋਰ ਅਧਿਕਾਰੀਆਂ ਵੱਲੋਂ ਮੁਲਾਜ਼ਮਾਂ ਨੂੰ ਛੁੱਟੀਆਂ, ਕੰਮ ਦੇ ਬੇਲੋੜੇ ਦਬਾਅ ਅਤੇ ਹੋਰ ਪ੍ਰਸ਼ਾਸਨਿਕ ਤਰੀਕਿਆਂ ਰਾਹੀਂ ਤੰਗ-ਪਰੇਸ਼ਾਨ ਕੀਤਾ ਜਾ ਰਿਹਾ ਹੈ। ਇਹ ਹਾਲਾਤ ਸਾਬਤ ਕਰਦੇ ਹਨ ਕਿ ਕੰਪਨੀ ਸਰਕਾਰ ਦੇ ਹੁਕਮਾਂ ਨੂੰ ਵੀ ਗੰਭੀਰਤਾ ਨਾਲ ਨਹੀਂ ਲੈ ਰਹੀ। ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਪੰਜਾਬ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਟੈਰਾਸਿਸ ਕੰਪਨੀ ਨੂੰ ਮੀਟਿੰਗ ਦੌਰਾਨ ਕੀਤੇ ਵਾਅਦਿਆਂ ਨੂੰ ਤੁਰੰਤ ਲਾਗੂ ਕਰਨ ਲਈ ਪਾਬੰਦ ਕੀਤਾ ਜਾਵੇ, ਤਨਖਾਹਾਂ ਵਿੱਚ ਕੀਤੀਆਂ ਗਈਆਂ ਕਟੌਤੀਆਂ ਵਾਪਸ ਕਰਵਾਈਆਂ ਜਾਣ, ਸਫਾਈ ਸੇਵਕਾਂ ਅਤੇ ਸਿਕਿਉਰਿਟੀ ਗਾਰਡਾਂ ਦੀਆਂ ਬਕਾਇਆ ਤਨਖਾਹਾਂ ਤੁਰੰਤ ਜਾਰੀ ਕਰਵਾਈਆਂ ਜਾਣ ਅਤੇ ਮੁਲਾਜ਼ਮਾਂ ਨੂੰ ਤੰਗ ਪ੍ਰੇਸ਼ਾਨ ਕਰਨ ਵਾਲੇ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ। ਯੂਨੀਅਨ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਅਤੇ ਕੰਪਨੀ ਵੱਲੋਂ ਜਲਦ ਕੋਈ ਠੋਸ ਕਦਮ ਨਾ ਚੁੱਕਿਆ ਗਿਆ ਤਾਂ ਸੂਬੇ ਭਰ ਦੇ ਸੇਵਾ ਕੇਂਦਰ ਮੁਲਾਜ਼ਮ ਆਪਣੇ ਹੱਕਾਂ ਦੀ ਰੱਖਿਆ ਲਈ ਸੰਘਰਸ਼ ਨੂੰ ਹੋਰ ਤੇਜ਼ ਕਰਨ ਲਈ ਮਜਬੂਰ ਹੋਣਗੇ। ਰੋਸ ਵਜੋਂ ਸਾਰੇ ਡਿਪਟੀ ਕਮਿਸ਼ਨਰ ਦੇ ਦਫਤਰ ਸਾਹਮਣੇ ਧਰਨਾ ਦੇਣ ਲਈ ਮਜਬੂਰ ਹੋਣਗੇ।



# ਲੁਧਿਆਣਾ ਵਿੱਚ 21 ਜੂਨ ਨੂੰ ਬਹੁਜਨ ਦ੍ਰਾਵਿੜਾ ਭਾਈਚਾਰੇ ਦੀ ਹੋਵੇਗੀ ਅਹਿਮ ਮੀਟਿੰਗ: ਜੀਵਨ ਸਿੰਘ ਤਾਮਿਲ

## ਸਮਾਜਿਕ ਬਦਲਾਅ ਅਤੇ ਰਾਜਨੀਤਿਕ ਸਸ਼ਕਤੀਕਰਨ 'ਤੇ ਹੋਵੇਗੀ ਚਰਚਾ

ਨਵੀਂ ਦਿੱਲੀ, 19 ਜੂਨ (ਮਨਪ੍ਰੀਤ ਸਿੰਘ ਖਾਲਸਾ):- ਬਹੁਜਨ ਦ੍ਰਾਵਿੜਾ ਭਾਈਚਾਰੇ ਵੱਲੋਂ 21 ਜੂਨ 2026 ਨੂੰ ਸਵੇਰੇ 10 ਵਜੇ ਡਾ. ਬੀ.ਆਰ. ਅੰਬੇਡਕਰ ਭਵਨ, ਜਲੰਧਰ ਬਾਈਪਾਸ ਨੇੜੇ, ਲੁਧਿਆਣਾ ਵਿਖੇ ਇੱਕ ਵਿਸ਼ੇਸ਼ ਇਕੱਠ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਮੀਟਿੰਗ ਦਾ ਮੁੱਖ ਉਦੇਸ਼ ਸਮਾਜਿਕ ਬਦਲਾਅ, ਆਰਥਿਕ ਸਸ਼ਕਤੀਕਰਨ ਅਤੇ ਮਾਨਯਵਰ ਕਾਂਸ਼ੀਰਾਮ ਦੇ ਵਿਚਾਰਾਂ ਨੂੰ ਦੁਬਾਰਾ ਮਜ਼ਬੂਤ ਕਰਨਾ ਹੈ। ਇਸ ਮੌਕੇ ਬਹੁਜਨ ਦ੍ਰਾਵਿੜਾ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਸਰਦਾਰ ਜੀਵਨ ਸਿੰਘ ਤਾਮਿਲ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਮੀਟਿੰਗ ਦੌਰਾਨ ਪੰਜਾਬ ਵਿੱਚ ਮਾਨਯਵਰ ਕਾਂਸ਼ੀਰਾਮ ਅੰਦੋਲਨ ਨੂੰ ਨਵੀਂ ਦਿਸ਼ਾ ਦੇਣ, ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਲਈ ਰਣਨੀਤੀ ਤਿਆਰ ਕਰਨ ਅਤੇ ਬਹੁਜਨ ਸਮਾਜ ਦੀ ਰਾਜਨੀਤਿਕ ਏਕਤਾ ਨੂੰ ਮਜ਼ਬੂਤ ਕਰਨ ਬਾਰੇ ਵਿਚਾਰ-ਵਟਾਂਦਰਾ ਕੀਤਾ ਜਾਵੇਗਾ। ਆਯੋਜਕਾਂ ਅਨੁਸਾਰ ਇਹ ਸਮਾਗਮ ਬਹੁਜਨ ਦ੍ਰਾਵਿੜਾ ਸਮਾਜ ਦੇ ਵੱਖ-ਵੱਖ ਵਰਗਾਂ ਨੂੰ ਇੱਕ ਮੰਚ 'ਤੇ ਲਿਆਉਣ ਅਤੇ ਸਮਾਜਿਕ, ਆਰਥਿਕ ਅਤੇ ਰਾਜਨੀਤਿਕ ਮੁੱਦਿਆਂ 'ਤੇ ਸਾਂਝੀ ਸੋਚ ਨੂੰ ਮਜ਼ਬੂਤ ਕਰਨ ਲਈ ਇੱਕ ਮਹੱਤਵਪੂਰਨ ਕਦਮ ਸਾਬਤ ਹੋਵੇਗਾ। ਵੱਡੀ ਗਿਣਤੀ ਵਿੱਚ ਸਮਾਜਿਕ ਕਾਰਕੁਨਾਂ, ਬੁੱਧੀਜੀਵੀਆਂ ਅਤੇ ਨੌਜਵਾਨਾਂ ਦੇ ਇਸ ਸਮਾਗਮ ਵਿੱਚ ਸ਼ਾਮਲ ਹੋਣ ਦੀ ਉਮੀਦ ਪ੍ਰਗਟਾਈ ਜਾ ਰਹੀ ਹੈ। ਸਮਾਗਮ ਸਬੰਧੀ ਹੋਰ ਜਾਣਕਾਰੀ ਲਈ ਕਨਵੀਨਰ ਤੀਰਥ ਸਿੰਘ ਅਤੇ ਪ੍ਰੋਗਰਾਮ ਆਰਗੇਨਾਈਜ਼ਰ ਐਡਵੋਕੇਟ ਜਸਵੀਰ ਸਿੰਘ ਨਾਲ ਸੰਪਰਕ ਕੀਤਾ ਜਾ ਸਕਦਾ ਹੈ। "ਸਮਾਜਿਕ ਬਦਲਾਅ ਲਈ ਏਕਤਾ" ਦੇ ਸੰਦੇਸ਼ ਨਾਲ ਬਹੁਜਨ ਦ੍ਰਾਵਿੜਾ ਭਾਈਚਾਰੇ ਨੂੰ ਵੱਡੀ ਗਿਣਤੀ ਵਿੱਚ ਸਮਾਗਮ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ ਹੈ।



## ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਸੰਗੀਤ ਅਕੈਡਮੀ ਜੱਬੋਵਾਲ ਦੇ ਬੱਚਿਆਂ ਨੂੰ

# ਸ੍ਰੀ ਹੇਮਕੁੰਟ ਸਾਹਿਬ ਦੇ ਦਰਸ਼ਨ ਕਰਵਾਏ : ਸੰਤ ਬਾਬਾ ਮਲਕੀਤ ਸਿੰਘ ਖਾਲਸਾ ਜੱਬੋਵਾਲ







ਆਵਾਜ਼ਿ ਕੌਮ AWAZE QAUM International Newspaper & WEB TV









**ਚੌਕ ਮਹਿਤਾ, 19 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਸੰਗੀਤ ਅਕੈਡਮੀ ਜੱਬੋਵਾਲ ਦੇ ਮੌਜੂਦਾ ਮੁੱਖੀ ਸ੍ਰੀ ਮਾਨ ਸੰਤ ਬਾਬਾ ਮਲਕੀਤ ਸਿੰਘ ਖਾਲਸਾ ਜੱਬੋਵਾਲ ਦੀ ਅਗਵਾਈ ਹੇਠ ਅਕੈਡਮੀ ਵਿਖੇ ਪੜ੍ਹਾਈ ਕਰ ਰਹੇ ਲੋੜਵੰਦ ਪਰਿਵਾਰਾਂ ਦੇ ਬੱਚੇ ਬੱਚੀਆਂ ਨੂੰ ਗੁਰਮਤਿ ਦੀ ਪੜ੍ਹਾਈ ਅਤੇ ਸਕੂਲ ਦੀ ਪੜ੍ਹਾਈ ਦੇ ਨਾਲ ਨਾਲ ਸ਼ੁੱਧ ਗੁਰਬਾਣੀ ਦੀ ਸੰਥਿਆ, ਗਤਕਾ, ਤੰਤੀ ਸਾਜ਼, ਹਰਮੋਨੀਅਮ, ਤਬਲਾ ਜੌੜੀ, ਅਤੇ ਖੇਡਾਂ ਦੀ ਵੀ ਵੱਧੀਆ ਅਧਿਆਪਕਾ ਰਾਹੀਂ ਕਰਵਾਈਆਂ ਜਾਂਦੀਆਂ ਹਨ।ਸਾਰੇ ਬੱਚੇ ਬੱਚੀਆਂ ਅਮ੍ਰਿੰਤਧਾਰੀ ਅਤੇ ਬਾਣੇ ਵਿੱਚ ਸਜੇ ਹੋਏ ਹਨ। ਸੰਤ ਬਾਬਾ ਮਲਕੀਤ ਸਿੰਘ ਖਾਲਸਾ ਜੱਬੋਵਾਲ ਦੀ ਅਗਵਾਈ ਹੇਠ ਸਮੂਹ ਬੱਚੇ ਬੱਚੀਆਂ ਨੂੰ ਸ੍ਰੀ ਹੇਮਕੁੰਟ ਸਾਹਿਬ ਜੀ ਦੇ ਸਮੂਹ ਗੁਰਧਾਮਾ ਦੇ ਦਰਸ਼ਨ ਦੀਦਾਰੇ ਕਰਵਾਏ ਗਏ। । ਇਸ ਮੌਕੇ ਤੇ ਸੰਤ ਬਾਬਾ ਮਲਕੀਤ ਸਿੰਘ ਖਾਲਸਾ ਜੱਬੋਵਾਲ ਵਾਲਿਆਂ ਅਤੇ ਸਮੂਹ ਬੱਚੇ, ਬੱਚੀਆਂ ਨੇਂ ਸਰਬੱਤ ਦੇ ਭਲੇ ਲਈ ਧੰਨ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਵਿੱਤਰ ਪਾਵਨ ਅਸਥਾਨ ਤੇ ਅਰਦਾਸ ਬੇਨਤੀ ਕੀਤੀ। ਇਸ ਦੀ ਪ੍ਰਸੰਸਾ ਸ੍ਰੀ ਹੇਮਕੁੰਟ ਸਾਹਿਬ ਜੀ ਦੇ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਸੰਸਾ ਕੀਤੀ ਉਨ੍ਹਾਂ ਨੇ ਕਿਹਾ ਕਿ ਬਹੁਤ ਖੁਸ਼ੀ ਹੋਈ ਕਿ ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਸੰਗੀਤ ਅਕੈਡਮੀ ਜੱਬੋਵਾਲ ਦੇ ਮੌਜੂਦਾ ਮੁੱਖੀ ਸ੍ਰੀ ਮਾਨ ਸੰਤ ਬਾਬਾ ਮਲਕੀਤ ਸਿੰਘ ਅਤੇ ਉਨ੍ਹਾਂ ਦੇ ਨਾਲ ਸਮੂਹ ਸੇਵਾਦਾਰਾਂ ਦਿਨ ਰਾਤ ਇੱਕ ਕਰਕੇ ਲੋੜਵੰਦ ਪਰਿਵਾਰਾਂ ਦੇ ਬੱਚੇ ਬੱਚੀਆਂ ਦੀ ਸੇਵਾ ਕਰ ਰਹੇ ਹਨ। ਇਸ ਮੌਕੇ ਤੇ ਸੰਤ ਬਾਬਾ ਮਲਕੀਤ ਸਿੰਘ ਖਾਲਸਾ ਜੱਬੋਵਾਲ ਮੁੱਖੀ ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਜੱਬੋਵਾਲ ਅਕੈਡਮੀ, ਗਿਆਨੀ ਤੇਜਬੀਰ ਸਿੰਘ ਭਲਾਈਪੁਰ (ਕਨੇਡਾ) ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਵੱਲੋਂ ਪੰਥਕ ਏਕਤਾ ਲਈ ਅੱਠ ਮੈਂਬਰੀ ਤਾਲਮੇਲ ਕਮੇਟੀ ਦਾ ਕੀਤਾ ਗਠਨ - ਗਿਆਨੀ ਹਰਪ੍ਰੀਤ ਸਿੰਘ

# ਗੋਬਿੰਦ ਸਿੰਘ ਲੌਂਗੋਵਾਲ ਨੂੰ ਜ਼ਿਲਾ ਬਰਨਾਲਾ, ਮਾਨਸਾ ਦਾ ਆਬਜ਼ਰਵਰ ਨਿਯੁਕਤ ਕੀਤਾ



ਸ. ਗੁਰਪ੍ਰਤਾਪ ਸਿੰਘ ਵਡਾਲਾ | ਸ. ਸੁੱਚਾ ਸਿੰਘ ਛੋਟੇਪੁਰ | ਭਾਈ ਮੋਹਕਮ ਸਿੰਘ | ਸੰਤ ਚਰਨਜੀਤ ਸਿੰਘ ਜੱਸੋਵਾਲ | ਸ. ਗੁਰਿੰਦਰ ਸਿੰਘ ਬਾਜਵਾ | ਸ. ਬੂਟਾ ਸਿੰਘ ਰਣਸੀਂਹ | ਸ. ਜਤਿੰਦਰ ਸਿੰਘ ਈਸੜੂ | ਸ. ਪਰਮਪਾਲ ਸਿੰਘ ਸਭਰਾ

**ਚੰਡੀਗੜ੍ਹ, 19 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਇਕ ਲਿਖਤੀ ਪ੍ਰੈੱਸ ਬਿਆਨ ਰਾਹੀਂ ਜਾਣਕਾਰੀ ਸਾਂਝੀ ਕੀਤੀ ਕਿ ਪੰਥਕ ਏਕਤਾ ਅਤੇ ਹੋਰਨਾਂ ਰਾਜਸੀ ਪਾਰਟੀਆਂ ਨਾਲ ਗਠਜੋੜ ਕਰਨ ਲਈ ਇਕ ਅੱਠ ਮੈਂਬਰੀ ਤਾਲਮੇਲ ਕਮੇਟੀ ਦਾ ਗਠਨ ਕੀਤਾ ਗਿਆ ਹੈ।ਉਹਨਾਂ ਨੇ ਦੱਸਿਆ ਕਿ ਦੋ ਦਸੰਬਰ ਦੇ ਹੁਕਮਨਾਮਿਆਂ ਦੀ ਰੌਸ਼ਨੀ ਵਿੱਚ ਪੰਜ ਸਿੰਘ ਸਾਹਿਬਾਨ ਵੱਲੋਂ ਪੰਥਕ ਪਾਰਟੀਆਂ ਨੂੰ ਇਕੱਠਾ ਕਰਕੇ ਜੋ ਇਕ ਨਿਸ਼ਾਨ ਸਾਹਿਬ ਹੇਠ ਲਿਆਉਣ ਦਾ ਸੱਦਾ ਦਿੱਤਾ ਗਿਆ ਸੀ, ਉਸਦੇ ਤਹਿਤ ਪਿਛਲੇ ਦਿਨੀਂ ਜਲੰਧਰ ਵਿੱਚ ਚਾਰ ਜਥੇਬੰਦੀਆਂ ਨੇ ਇਕਜੁੱਟਤਾ ਕੀਤੀ ਸੀ। ਇਹਨਾਂ ਚਾਰ ਜਥੇਬੰਦੀਆਂ ਵਿੱਚ ਸਾਡੀ ਜਥੇਬੰਦੀ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ, ਸਿੰਘ ਸਾਹਿਬ ਜਸਬੀਰ ਸਿੰਘ ਰੋਡੇ ਹੁਰਾਂ ਦੀ ਅਗਵਾਈ ਵਾਲਾ ਇੰਟਰਨੈਸ਼ਨਲ ਪੰਥਕ ਦਲ, ਸ ਗੁਰਦੀਪ ਸਿੰਘ ਬਠਿੰਡਾ ਦੀ ਅਗਵਾਈ ਵਾਲਾ ਯੁਨਾਈਟਡ ਅਕਾਲੀ ਦਲ ਅਤੇ ਸ ਗੁਰਿੰਦਰ ਸਿੰਘ ਬਾਜਵਾ ਦੀ ਬੇਗਮਪੁਰਾ ਖਾਲਸਾ ਰਾਜ ਪਾਰਟੀ ਸ਼ਾਮਲ ਸੀ। ਬਾਕੀ ਪਾਰਟੀਆਂ ਨਾਲ ਏਕਤਾ ਕਰਨ ਲਈ ਇਹਨਾਂ ਚੌਹਾਂ ਜਥੇਬੰਦੀਆਂ ਦੇ ਨੁਮਾਇੰਦਿਆ ਨੂੰ ਲੈ ਕੇ ਇਕ ਅੱਠ ਮੈਂਬਰੀ ਕਮੇਟੀ ਗਠਿਤ ਕੀਤੀ ਗਈ ਹੈ। ਇਸ ਕਮੇਟੀ ਵਿੱਚ ਸ ਗੁਰਪ੍ਰਤਾਪ ਸਿੰਘ ਵਡਾਲਾ, ਸ ਸੁੱਚਾ ਸਿੰਘ ਛੋਟੇਪੁਰ, ਸ ਬੂਟਾ ਸਿੰਘ ਰਣਸੀਂਹ, ਸ ਗੁਰਿੰਦਰ ਸਿੰਘ ਬਾਜਵਾ, ਸ ਜਤਿੰਦਰ ਸਿੰਘ ਈਸੜੂ, ਸੰਤ ਚਰਨਜੀਤ ਸਿੰਘ ਜੱਸੋਵਾਲ, ਭਾਈ ਮੋਹਕਮ ਸਿੰਘ ਅਤੇ ਸ ਪਰਮਪਾਲ ਸਿੰਘ ਸਭਰਾਅ ਸ਼ਾਮਲ ਹਨ। ਜਲਦ ਹੀ ਇਹ ਕਮੇਟੀ ਕਿਸਾਨ ਯੂਨੀਅਨਾਂ, ਹੋਰਨਾਂ ਰਾਜਸੀ ਪਾਰਟੀਆਂ ਅਤੇ ਪੰਥਕ ਜਥੇਬੰਦੀਆਂ ਨਾਲ ਰਾਬਤਾ ਕਰਕੇ ਸਾਂਝੇ ਪੰਜਾਬ ਏਜੰਡੇ ਤਹਿਤ ਸਾਂਝਾ ਪਲੇਟਫਾਰਮ ਉਸਾਰਨ ਬਾਰੇ ਗੱਲਬਾਤ ਕਰੇਗੀ। ਇਸ ਸਮੇਂ ਗਿਆਨੀ ਹਰਪ੍ਰੀਤ ਸਿੰਘ ਹੁਰਾਂ ਨੇ ਕੁੱਝ ਨਵੇਂ ਆਬਜ਼ਰਵਰ ਲਾਉਣ ਦਾ ਐਲਾਨ ਵੀ ਕੀਤਾ ਜਿੰਨਾ ਵਿੱਚ ਜਿਲ੍ਹਾ ਬਰਨਾਲਾ-ਮਾਨਸਾ ਤੋਂ ਸ ਗੋਬਿੰਦ ਸਿੰਘ ਲੌਂਗੋਵਾਲ, ਸ ਹਰਵਿੰਦਰ ਸਿੰਘ ਗਗੜਪੁਰ, ਜਿਲ੍ਹਾ ਮੁਕਤਸਰ-ਫਾਜ਼ਿਲਕਾ ਤੋਂ ਸ ਹਰਦੇਵ ਸਿੰਘ ਹਾਮਿਦ, ਜਿਲ੍ਹਾ ਫਿਰੋਜ਼ਪੁਰ-ਫਰੀਦਕੋਟ ਤੋਂ ਸ ਗੁਰਭੇਜ ਸਿੰਘ ਸਿੱਧੂ ਅਤੇ ਜੱਥੇਦਾਰ ਚਰਨ ਸਿੰਘ ਨੂੰ ਆਬਜ਼ਰਵਰ ਲਗਾਇਆ ਗਿਆ। ਪ੍ਰੈਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਨੇ ਜਾਰੀ ਕੀਤਾ।

ਦੇਸ਼ ਹਿੱਤ ਵਿੱਚ ਕੀਰ ਸਟਾਰਮਰ ਤੁਰੰਤ ਅਸਤੀਫਾ ਦੇਣ, ਐਂਡੀ ਬਰਨਹਮ ਦੀ ਅਗਵਾਈ ਹੁਣ ਲਾਜ਼ਮੀ: ਸਿੱਖ ਫੈਡਰੇਸ਼ਨ (ਯੂਕੇ)

# ਮੇਕਰਫੀਲਡ ਉਪ-ਚੋਣ ਵਿੱਚ ਐਂਡੀ ਬਰਨਹਮ ਦੀ ਹੋਈ ਭਾਰੀ ਜਿੱਤ, ਲੇਬਰ ਪਾਰਟੀ ਨੂੰ ਨਵੀਂ ਊਰਜਾ ਦੀ ਲੋੜ



**ਨਵੀਂ ਦਿੱਲੀ, 19 ਜੂਨ (ਮਨਪ੍ਰੀਤ ਸਿੰਘ ਖਾਲਸਾ)**:- ਸਿੱਖ ਫੈਡਰੇਸ਼ਨ (ਯੂਕੇ) ਨੇ ਬ੍ਰਿਟੇਨ ਦੇ ਪ੍ਰਧਾਨ ਮੰਤਰੀ ਕੀਰ ਸਟਾਰਮਰ ਨੂੰ ਆਪਣੇ ਅਹੁਦੇ ਤੋਂ ਹਟਣ ਦਾ ਐਲਾਨ ਕਰਨ ਦੀ ਅਪੀਲ ਕਰਦਿਆਂ ਕਿਹਾ ਹੈ ਕਿ ਹੁਣ ਦੇਸ਼ ਅਤੇ ਲੇਬਰ ਪਾਰਟੀ ਦੇ ਹਿੱਤਾਂ ਨੂੰ ਨਿੱਜੀ ਲਾਲਸਾਵਾਂ ਤੋਂ ਉੱਪਰ ਰੱਖਣ ਦਾ ਸਮਾਂ ਆ ਗਿਆ ਹੈ। ਫੈਡਰੇਸ਼ਨ ਦੇ ਰਾਜਨੀਤਿਕ ਸੰਪਰਕਾਂ ਲਈ ਮੁੱਖ ਕਾਰਜਕਾਰੀ ਦਬਿੰਦਰਜੀਤ ਸਿੰਘ ਓਬੀਈ ਨੇ ਕਿਹਾ ਕਿ ਮੇਕਰਫੀਲਡ ਉਪ-ਚੋਣ ਵਿੱਚ ਐਂਡੀ ਬਰਨਹਮ ਦੀ ਭਾਰੀ ਜਿੱਤ ਤੋਂ ਬਾਅਦ ਇਹ ਲਗਭਗ ਸਪੱਸ਼ਟ ਹੋ ਗਿਆ ਹੈ ਕਿ ਉਹ ਬ੍ਰਿਟੇਨ ਦੇ ਅਗਲੇ ਪ੍ਰਧਾਨ ਮੰਤਰੀ ਬਣਨਗੇ ਅਤੇ ਲੇਬਰ ਪਾਰਟੀ ਨੂੰ ਨਵੀਂ ਟੀਮ ਅਤੇ ਨਵੀਂ ਊਰਜਾ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਜਦੋਂ ਨਾਈਜਲ ਫਰਾਜ ਨੇ "ਪਿਊਰ, ਕੋਲਡ ਰੇਜ" ਵਾਲੀ ਟਿੱਪਣੀ ਕੀਤੀ ਅਤੇ ਜ਼ੀਆ ਯੂਸਫ਼ ਨੇ ਸਿੱਖ ਧਰਮ ਬਾਰੇ ਬੇਹੱਦ ਅਪਮਾਨਜਨਕ ਬਿਆਨ ਦਿੱਤੇ ਤਾਂ ਸਿੱਖ ਫੈਡਰੇਸ਼ਨ (ਯੂਕੇ) ਨੇ ਰਿਫਾਰਮ ਯੂਕੇ ਦਾ ਡਟ ਕੇ ਮੁਕਾਬਲਾ ਕਰਨ ਦਾ ਫੈਸਲਾ ਕੀਤਾ। ਉਨ੍ਹਾਂ ਦੋਸ਼ ਲਾਇਆ ਕਿ ਮੇਕਰਫੀਲਡ ਉਪ-ਚੋਣ ਤੋਂ ਠੀਕ ਪਹਿਲਾਂ ਰਿਫਾਰਮ ਯੂਕੇ ਨੇ ਸੈਂਕੜਿਆਂ ਸਿੱਖ ਵਿਰੋਧੀ ਨਫ਼ਰਤੀ ਹਮਲਿਆਂ ਦੀ ਨਿੰਦਾ ਕਰਨ ਤੋਂ ਇਨਕਾਰ ਕਰ ਦਿੱਤਾ, ਜਿਸ ਨੂੰ ਸਿੱਖ ਭਾਈਚਾਰੇ ਲਈ "ਆਖ਼ਰੀ ਹੱਦ" ਕਰਾਰ ਦਿੱਤਾ ਗਿਆ। ਦਬਿੰਦਰਜੀਤ ਸਿੰਘ ਨੇ ਕਿਹਾ ਕਿ ਕੀਰ ਸਟਾਰਮਰ ਨੂੰ ਸੋਮਵਾਰ ਨੂੰ ਇੱਜ਼ਤ ਅਤੇ ਸ਼ਾਲੀਨਤਾ ਨਾਲ ਆਪਣੇ ਪ੍ਰਧਾਨ ਮੰਤਰੀ ਅਹੁਦੇ ਦੇ ਅੰਤ ਦਾ ਐਲਾਨ ਕਰ ਦੇਣਾ ਚਾਹੀਦਾ ਹੈ। ਉਨ੍ਹਾਂ ਸੁਝਾਅ ਦਿੱਤਾ ਕਿ ਕੁਝ ਹਫ਼ਤਿਆਂ ਲਈ ਉਪ ਪ੍ਰਧਾਨ ਮੰਤਰੀ ਲੂਸੀ ਪਾਵਲ ਨੂੰ ਕਾਰਜਕਾਰੀ ਪ੍ਰਧਾਨ ਮੰਤਰੀ ਬਣਾਇਆ ਜਾਵੇ ਤਾਂ ਜੋ ਐਂਡੀ ਬਰਨਹਮ ਆਪਣੀ ਨਵੀਂ ਟੀਮ ਤਿਆਰ ਕਰਕੇ ਦੇਸ਼ ਵਿੱਚ ਸਕਾਰਾਤਮਕ ਬਦਲਾਅ ਲਿਆਉਣ ਲਈ ਮਜ਼ਬੂਤ ਮੰਡੇਟ ਨਾਲ ਅੱਗੇ ਵਧ ਸਕਣ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇ ਕੀਰ ਸਟਾਰਮਰ ਅਹੁਦੇ ਲਈ ਅਜਿਹੀ ਲੜਾਈ ਲੜਨ ਦਾ ਫੈਸਲਾ ਕਰਦੇ ਹਨ ਜਿਸ ਵਿੱਚ ਜਿੱਤ ਦੀ ਕੋਈ ਸੰਭਾਵਨਾ ਨਹੀਂ, ਤਾਂ ਇਹ ਲੇਬਰ ਪਾਰਟੀ ਅਤੇ ਦੇਸ਼ ਦੋਵਾਂ ਲਈ ਸਭ ਤੋਂ ਵੱਡੀ ਗਲਤੀ ਸਾਬਤ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮੌਕੇ ਪਾਕਿਸਤਾਨ ਜਾਣ ਲਈ 290 ਸ਼ਰਧਾਲੂਆਂ ਨੂੰ ਮਿਲੇ ਵੀਜ਼ੇ

## ਸ਼੍ਰੋਮਣੀ ਕਮੇਟੀ ਦਫ਼ਤਰ ਤੋਂ 21 ਜੂਨ ਨੂੰ ਰਵਾਨਾ ਹੋਵੇਗਾ ਸਿੱਖ ਸ਼ਰਧਾਲੂਆਂ ਦਾ ਜਥਾ



**ਅੰਮ੍ਰਿਤਸਰ, 19 ਜੂਨ (ਆਵਾਜ਼ਿ ਕੌਮ ਬਿਊਰੋ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮੌਕੇ ਪਾਕਿਸਤਾਨ ਭੇਜੇ ਜਾਣ ਵਾਲੇ ਜਥੇ ਲਈ 290 ਸ਼ਰਧਾਲੂਆਂ ਨੂੰ ਵੀਜ਼ੇ ਪ੍ਰਾਪਤ ਹੋਏ ਹਨ। ਇਹ ਜਥਾ 21 ਜੂਨ ਨੂੰ ਸਵੇਰੇ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਤੋਂ ਪਾਕਿਸਤਾਨ ਲਈ ਰਵਾਨਾ ਹੋਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ ਨੇ ਦੱਸਿਆ ਹੈ ਕਿ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਸਬੰਧੀ ਗੁਰਦੁਆਰਾ ਸ੍ਰੀ ਡੇਰਾ ਸਾਹਿਬ ਲਾਹੌਰ ਵਿਖੇ ਹੋਣ ਵਾਲੇ ਸਮਾਗਮ ਵਿਚ ਸ਼ਮੂਲੀਅਤ ਕਰਨ ਦੇ ਨਾਲ ਪਾਕਿਸਤਾਨ ਸਥਿਤ ਹੋਰ ਗੁਰਧਾਮਾਂ ਦੇ ਦਰਸ਼ਨਾਂ ਲਈ 302 ਸ਼ਰਧਾਲੂਆਂ ਦੇ ਪਾਸਪੋਰਟ ਵੀਜ਼ਾ ਲਗਵਾਉਣ ਲਈ ਭੇਜੇ ਗਏ ਸਨ, ਜਿਨ੍ਹਾਂ ਵਿਚੋਂ 290 ਨੂੰ ਵੀਜ਼ੇ ਪ੍ਰਾਪਤ ਹੋਏ ਹਨ, ਜਦਕਿ ਦਿੱਲੀ ਸਥਿਤ ਪਾਕਿਸਤਾਨ ਦੂਤਾਵਾਸ ਵੱਲੋਂ 12 ਸ਼ਰਧਾਲੂਆਂ ਨੂੰ ਵੀਜ਼ਾ ਪ੍ਰਾਪਤ ਨਹੀਂ ਹੋਇਆ। ਉਨ੍ਹਾਂ ਦੱਸਿਆ ਕਿ ਇਹ ਜਥਾ ਵੱਖ-ਵੱਖ ਗੁਰਧਾਮਾਂ ਦੇ ਦਰਸ਼ਨ ਉਪਰੰਤ 29 ਜੂਨ ਨੂੰ ਮਹਾਰਾਜਾ ਰਣਜੀਤ ਸਿੰਘ ਦੇ ਬਰਸੀ ਸਮਾਗਮਾਂ ਵਿਚ ਸ਼ਮੂਲੀਅਤ ਕਰਨ ਮਗਰੋਂ 30 ਜੂਨ ਨੂੰ ਵਾਪਸ ਭਾਰਤ ਪਰਤੇਗਾ। ਉਨ੍ਹਾਂ ਕਿਹਾ ਕਿ ਸ਼ਰਧਾਲੂ ਵੀਜ਼ਾ ਲੱਗੇ ਪਾਸਪੋਰਟ 20 ਤੇ 21 ਜੂਨ ਨੂੰ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਤੋਂ ਪ੍ਰਾਪਤ ਕਰਨ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਸ਼ਰਧਾਲੂਆਂ ਦੇ ਵੀਜ਼ਾ ਨਹੀਂ ਲੱਗੇ ਉਨ੍ਹਾਂ ਦੇ ਸੀਰੀਅਲ ਨੰ: 33, 66, 67, 68, 76, 131, 143, 144, 145, 151, 291 ਤੇ 292 ਹਨ।

## ਬਿਹਾਰ ਦੇ ਸਾਬਕਾ ਮੁੱਖ ਮੰਤਰੀ ਨੀਤੀਸ਼ ਕੁਮਾਰ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਨਤਮਸਤਕ ਹੋਏ



**ਨਵੀਂ ਦਿੱਲੀ, 19 ਜੂਨ (ਮਨਪ੍ਰੀਤ ਸਿੰਘ ਖਾਲਸਾ)**:- ਬਿਹਾਰ ਦੇ ਸਾਬਕਾ ਮੁੱਖ ਮੰਤਰੀ ਅਤੇ ਮੌਜੂਦਾ ਰਾਜ ਸਭਾ ਮੈਂਬਰ ਨੀਤੀਸ਼ ਕੁਮਾਰ ਅੱਜ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਨਤਮਸਤਕ ਹੋਏ। ਇਸ ਮੌਕੇ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਸਾਹਿਬ ਵੱਲੋਂ ਉਨ੍ਹਾਂ ਨੂੰ ਸਿਰੋਪਾਓ ਭੇਟ ਕੀਤਾ ਗਿਆ। ਪ੍ਰਧਾਨ ਸਰਦਾਰ ਜਗਜੋਤ ਸਿੰਘ ਸੋਹੀ ਅਤੇ ਜਨਰਲ ਸਕੱਤਰ ਸਰਦਾਰ ਇੰਦਰਜੀਤ ਸਿੰਘ ਨੇ ਉਨ੍ਹਾਂ ਦਾ ਸਵਾਗਤ ਕੀਤਾ। ਸਰਦਾਰ ਜਗਜੋਤ ਸਿੰਘ ਸੋਹੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਿਹਾਰ ਦੇ ਸਾਬਕਾ ਮੁੱਖ ਮੰਤਰੀ ਨੇ ਅੱਜ ਤਖ਼ਤ ਸਾਹਿਬ ਵਿਖੇ ਹਾਜ਼ਰੀ ਭਰ ਕੇ ਗੁਰੂ ਮਹਾਰਾਜ ਦਾ ਸ਼ੁਕਰਾਨਾ ਅਦਾ ਕੀਤਾ। ਇਸ ਦੌਰਾਨ ਉਨ੍ਹਾਂ ਨੇ ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ ਨਾਲ ਗੱਲਬਾਤ ਕਰਦਿਆਂ ਆਪਣੇ ਕਾਰਜਕਾਲ ਦੌਰਾਨ ਸ਼ੁਰੂ ਕੀਤੇ ਗਏ ਮਲਟੀ ਲੈਵਲ ਪਾਰਕਿੰਗ ਸਮੇਤ ਹੋਰ ਪ੍ਰੋਜੈਕਟਾਂ ਬਾਰੇ ਜਾਣਕਾਰੀ ਲਈ ਅਤੇ ਪੁੱਛਿਆ ਕਿ ਨਿਰਮਾਣ ਕਾਰਜ ਕਿਸ ਤਰ੍ਹਾਂ ਚੱਲ ਰਹੇ ਹਨ ਅਤੇ ਉਨ੍ਹਾਂ ਨੂੰ ਹੋਰ ਤੇਜ਼ੀ ਨਾਲ ਕਿਵੇਂ ਅੱਗੇ ਵਧਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਬਿਹਾਰ ਸਰਕਾਰ ਵੱਲੋਂ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ ਤਾਂ ਜੋ ਆਉਣ ਵਾਲੇ ਸਮੇਂ ਵਿੱਚ ਸੰਗਤਾਂ ਨੂੰ ਹੋਰ ਵਧੀਆ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ। ਉਨ੍ਹਾਂ ਦੱਸਿਆ ਕਿ ਮਾਣਯੋਗ ਸਾਬਕਾ ਮੁੱਖ ਮੰਤਰੀ ਸਾਹਿਬ ਨੇ ਕਿਹਾ ਕਿ ਭਾਵੇਂ ਅੱਜ ਉਹ ਬਿਹਾਰ ਦੇ ਮੁੱਖ ਮੰਤਰੀ ਦੇ ਅਹੁਦੇ 'ਤੇ ਨਹੀਂ ਹਨ, ਪਰ ਉਨ੍ਹਾਂ ਦੀ ਸ਼ਰਧਾ ਅੱਜ ਵੀ ਪੂਰੀ ਤਰ੍ਹਾਂ ਗੁਰੂ ਘਰ ਨਾਲ ਜੁੜੀ ਹੋਈ ਹੈ ਅਤੇ ਉਹ ਗੁਰੂ ਘਰ ਦੀਆਂ ਸੇਵਾਵਾਂ ਕਰਦੇ ਰਹਿਣਗੇ। ਇਸੇ ਭਾਵਨਾ ਦੇ ਤਹਿਤ ਉਹ ਅੱਜ ਗੁਰੂ ਘਰ ਵਿਖੇ ਨਤਮਸਤਕ ਹੋਣ ਲਈ ਪਹੁੰਚੇ।

## ਡਾਕਟਰ ਅਨਵਰ ਭਸੌੜ ਨੇ ਮੁੱਖ ਮੰਤਰੀ ਦਫ਼ਤਰ ਵਿਖੇ ਮੁਸਕਲਾਂ ਸੁਣੀਆਂ



**ਧੂਰੀ (ਰਣਜੀਤ ਸਿੰਘ ਪੇਧਨੀ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਵਿੱਚ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਦੀ ਸ਼ੁਰੂਆਤ ਕਰਕੇ ਔਰਤ ਉਨ੍ਹਾਂ ਕਿਹਾ ਕਿ ਮਾਨ ਵਰਗ ਨੂੰ ਵੱਡਾ ਮਾਣ-ਸਤਿਕਾਰ ਦਿੱਤਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਮੁੱਖ ਮੰਤਰੀ ਦਫਤਰ ਇੰਚਾਰਜ ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ ਨੇ ਕੀਤਾ। ਉਨ੍ਹਾਂ ਕਿਹਾ ਕਿ ਸਰਕਾਰ ਨੇ ਮੁਫ਼ਤ ਬਿਜਲੀ ਅਤੇ ਆਮ ਆਦਮੀ ਕਲੀਨਿਕਾਂ ਵਰਗੇ ਇਤਿਹਾਸਕ ਫੈਸਲਿਆਂ ਨੂੰ ਅਮਲੀ ਜਾਮਾ ਪਹਿਨਾ ਕੇ ਸੂਬੇ ਵਿੱਚ ਅਸੰਭਵ ਕੰਮਾਂ ਨੂੰ ਸੰਭਵ ਕਰਕੇ ਦਿਖਾਇਆ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਹਮੇਸ਼ਾ ਲੋਕਾਂ ਨਾਲ ਝੂਠੇ ਵਾਅਦੇ ਕੀਤੇ,ਪਰ ਮੌਜੂਦਾ ਸਰਕਾਰ ਜੋ ਕਹਿੰਦੀ ਹੈ, ਉਹ ਕਰਕੇ ਦਿਖਾਉਂਦੀ ਹੈ। 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਸੂਬੇ ਦੀਆਂ ਔਰਤਾਂ ਨੂੰ ਮਿਲਣ ਵਾਲੀ ਵਿੱਤੀ ਸਹਾਇਤਾ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਅਤੇ ਆਤਮ-ਨਿਰਭਰ ਬਣਾਵੇਗੀ। ਇਹ ਸਕੀਮ ਹਰ ਘਰ ਦੀ ਅਰਥਵਿਵਸਥਾ ਸੁਧਾਰਨ ਵਿੱਚ ਮਦਦਗਾਰ ਸਾਬਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਅਗਵਾਈ ਹੇਠ ਪੰਜਾਬ ਅੰਦਰ ਵਿਕਾਸ ਦੀ ਇੱਕ ਨਵੀਂ ਇਬਾਰਤ ਲਿਖੀ ਜਾ ਰਹੀ ਹੈ। ਸੂਬੇ ਦੇ ਲੋਕਾਂ ਨੂੰ ਮੁਫ਼ਤ ਬਿਜਲੀ ਦੇ ਕੇ ਆਰਥਿਕ ਬੋਝ ਤੋਂ ਮੁਕਤ ਕੀਤਾ ਗਿਆ ਹੈ ਅਤੇ ਪਿੰਡਾਂ-ਸ਼ਹਿਰਾਂ ਵਿੱਚ ਖੋਲ੍ਹੇ ਗਏ ਮੁਹੱਲਾ ਕਲੀਨਿਕ ਗਰੀਬ ਅਤੇ ਮੱਧਮ ਵਰਗ ਲਈ ਵਰਦਾਨ ਸਾਬਤ ਹੋ ਰਹੇ ਹਨ।ਇਸ ਮੌਕੇ ਉੱਘੇ ਸਮਾਜ ਸੇਵੀ ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ ਹਾਜ਼ਰ ਸਨ।

### 'ਹਮ' ਦੇ ਲੀਡਰਾਂ ਨੇ

# ਬਾਬਾ ਮੇਜਰ ਸਿੰਘ ਸੋਢੀ ਨਾਲ ਕੀਤੀ ਮੁਲਾਕਾਤ



**ਚੌਕ ਮਹਿਤਾ,18 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਹਿੰਦੋਸਤਾਨ ਆਵਾਮ ਮੋਰਚਾ ਦੇ ਕੌਮੀਂ ਯੂਥ ਪ੍ਰਧਾਨ ਜਨਾਬ ਮੁਹੰਮਦ ਕਮਾਲ ਪਰਵੇਜ਼ ਨੇ ਹਮ ਦੇ ਨਵ ਨਿਯੁਕਤ ਯੂਥ ਪੰਜਾਬ ਪ੍ਰਧਾਨ ਕੁਲਦੀਪ ਸਿੰਘ ਅਟਵਾਲ ਨੂੰ ਲੈਕੇ ਦਸ਼ਮੇਸ਼ ਤਰਨਾ ਦਲ ਦੇ ਮੁੱਖੀ ਬਾਬਾ ਮੇਜਰ ਸਿੰਘ ਸੋਢੀ ਦੇ ਪੜਾਅ ਤੇ ਮੁਲਾਕਾਤ ਕੀਤੀ ਅਤੇ ਸ਼ੁੱਭ ਇਛਾਂਵਾਂ ਪ੍ਰਾਪਤ ਕੀਤੀਆਂ। ਇਸ ਮੌਕੇ ਲਵਜੀਤ ਸਿੰਘ,ਮਨਮੀਤ ਸਿੰਘ ਦਿੱਲੀ,ਅਕਾਸ਼ ਸਿੰਘ ਅਤੇ ਬਾਬਾ ਸੁਖਜੀਤ ਨਾਥ ਪੰਜਾਬ ਪ੍ਰਧਾਨ ਸੰਤ ਸਮਾਜ ਰਾਸ਼ਟਰੀ ਹਿੰਦੂ ਯੁਵਾ ਵਾਇਨੀ ਅਖਾੜਾ ਅਤੇ ਸਤਨਾਮ ਸਿੰਘ ਗਿੱਲ ਪ੍ਰਧਾਨ ਘੱਟ ਗਿਣਤੀ ਲੋਕ ਭਲਾਈ ਸੰਸਥਾ ਨੇ ਪੜਾਅ ਤੇ ਪਹੁੰਚ ਕੇ ਬਾਬਾ ਮੇਜਰ ਸਿੰਘ ਸੋਢੀ ਤੋਂ ਆਸ਼ਿਰਵਾਦ ਪ੍ਰਾਪਤ ਕੀਤਾ। ਪ੍ਰੈਸ ਨਾਲ ਗੱਲਬਾਤ ਕਰਦਿਆਂ ਐਨਡੀਏ 'ਚ ਭਾਈਵਾਲ ਅਤੇ ਹਿੰਦੋਸਤਾਨ ਆਵਾਮ ਮੋਰਚਾ ਦੇ ਕੌਮੀਂ ਯੂਥ ਪ੍ਰਧਾਨ ਜਨਾਬ ਮੁਹੰਮਦ ਕਮਾਲ ਪਰਵੇਜ਼ ਨੇ ਦੱਸਿਆ ਕਿ ਪੰਜਾਬ 'ਚ ਹਿੰਦੋਸਤਾਨ ਆਵਾਮ ਮੋਰਚਾ ਆਪਣਾ ਸੰਗਠਨ ਤਿਆਰ ਕਰਨ ਜਾ ਰਿਹਾ ਹੈ।ਯੂਥ ਬ੍ਰਿਗੇਡ ਨੂੰ ਕੈਪਚਰ ਕਰਨ ਲਈ ਫਰੀਦਕੋਟ ਤੋਂ ਬੌਕਸਿੰਗ ਦੇ ਕੋਚ ਸ੍ਰ ਕੁਲਦੀਪ ਸਿੰਘ ਅਟਵਾਲ ਨੂੰ ਯੂਥ ਬ੍ਰਿਗੇਡ ਦੀ ਕਮਾਂਡ ਸੌਂਪ ਦਿੱਤੀ ਹੈ।ਉਹਨਾ ਨੇ ਐਲਾਨ ਕੀਤਾ ਹੈ ਕਿ ਜਲਦੀ ਹਮ ਦੇ ਸੁਪਰੀਮੋਂ ਅਤੇ ਕੇਂਦਰ 'ਚ ਵਜ਼ੀਰ ਸ੍ਰੀ ਜੀਤ ਰਾਮ ਮਾਂਜੀ ਪੰਜਾਬ ਦੇ ਦੌਰੇ ਤੇ ਆਉਂਣਗੇ। ਇਸ ਮੌਕੇ ਬਾਬਾ ਮੇਜਰ ਸਿੰਘ ਸੋਢੀ ਨੇ ਆਏ ਸਾਰੇ ਪਤਵੰਤਿਆਂ ਦਾ ਸਿਰੋਪਾ ਭੇਂਟ ਕਰਕੇ ਸਨਮਾਨ ਕੀਤਾ ਅਤੇ ਸ਼ੁੱਭ ਇਛਾਂਵਾਂ ਦਿੱਤੀਆਂ।

### ਧੰਨ-ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਵਸ ਮੌਕੇ

# ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਛਬੀਲ ਲਗਾਈ ਗਈ



**ਜੰਡਿਆਲਾ ਗੁਰੂ, 19 ਜੂਨ ( ਕੁਲਵੰਤ ਸਿੰਘ ਵਿਰਦੀ )**-ਪੰਜਵੇਂ ਪਾਤਸ਼ਾਹ ਧੰਨ-ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਪੰਜਾਬ ਦੇ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਗੁਰੂ ਸਾਹਿਬ ਦੇ ਨਾਮ 'ਤੇ ਬਣਾਏ ਗਏ ਵਿਰਾਸਤੀ ਗੇਟ ਅਤੇ ਗੁਰੂ ਅਰਜਨ ਦੇਵ ਜੀ ਮਾਰਗ ਉੱਪਰ ਠੰਢੇ ਮਿੱਠੇ ਜਲ ਦੀ ਛਬੀਲ ਲਗਾ ਕੇ ਸੰਗਤਾਂ ਦੀ ਸੇਵਾ ਕੀਤੀ ਗਈ। ਇਸ ਮੌਕੇ ਜੰਡਿਆਲਾ ਗੁਰੂ ਦੇ ਕੌਂਸਲਰ ਵੀ ਪਹੁੰਚੇ ਹੋਏ ਸੀ ਇਲਾਕਾ ਨਿਵਾਸੀਆਂ, ਸਮਾਜ ਸੇਵੀਆਂ ਅਤੇ ਪਾਰਟੀ ਵਰਕਰਾਂ ਨੇ ਵੀ ਸ਼ਮੂਲੀਅਤ ਕੀਤੀ ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਵਸ ਸਾਨੂੰ ਮਨੁੱਖਤਾ ਦੀ ਭਲਾਈ, ਸੇਵਾ ਸਹਿਣਸ਼ੀਲਤਾ ਅਤੇ ਧਰਮ ਦੀ ਰੱਖਿਆ ਲਈ ਕੁਰਬਾਨੀ ਦੇਣ ਦੀ ਪ੍ਰੇਰਣਾ ਦਿੰਦਾ ਹੈ।ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਮਨੁੱਖਤਾ ਲਈ ਜੋ ਮਹਾਨ ਕੁਰਬਾਨੀ ਦਿੱਤੀ, ਉਹ ਸਦਾ ਹੀ ਆਉਣ ਵਾਲੀਆਂ ਪੀੜ੍ਹੀਆਂ ਲਈ ਮਾਰਗ ਦਰਸ਼ਕ ਬਣੀ ਰਹੇਗੀ ਉਨ੍ਹਾਂ ਕਿਹਾ ਕਿ ਗਰਮੀ ਦੇ ਮੌਸਮ ਦੌਰਾਨ ਛਬੀਲਾਂ ਲਗਾ ਕੇ ਲੋਕਾਂ ਨੂੰ ਠੰਢਾ ਮਿੱਠਾ ਜਲ ਪਿਲਾਉਣਾ ਸਿੱਖ ਧਰਮ ਦੀ ਮਹਾਨ ਸੇਵਾ ਪਰੰਪਰਾ ਦਾ ਹਿੱਸਾ ਹੈ ਅਤੇ ਇਹ ਸਾਨੂੰ ਨਿਰਸਵਾਰਥ ਸੇਵਾ ਦਾ ਸੰਦੇਸ਼ ਦਿੰਦਾ ਹੈ। ਉਨ੍ਹਾਂ ਸੰਗਤਾਂ ਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ 'ਤੇ ਚੱਲਣ ਅਤੇ ਸਮਾਜ ਵਿੱਚ ਆਪਸੀ ਭਾਈਚਾਰੇ, ਪਿਆਰ ਅਤੇ ਸਦਭਾਵਨਾ ਨੂੰ ਮਜ਼ਬੂਤ ਕਰਨ ਦਾ ਸੱਦਾ ਦਿੱਤਾ।

**ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਅਪਣਾਉਣਾ ਸਮੇਂ ਦੀ ਮੁੱਖ ਲੋੜ : ਹਰਭਜਨ ਸਿੰਘ ਈ.ਟੀ.ਓ.**

ਇਸ ਮੌਕੇ ਉਨ੍ਹਾਂ ਦੀ ਧਰਮ ਪਤਨੀ ਮੈਡਮ ਸੁਹਿੰਦਰ ਕੌਰ,ਚੇਅਰਮੈਨ ਅਮਰੀਕ ਸਿੰਘ ਸੋਢੀ,ਸਥਾਨਕ ਕੌਂਸਲਰ ਸਾਹਬ, ਪਾਰਟੀ ਦੇ ਆਗੂ, ਧਾਰਮਿਕ ਸ਼ਖਸੀਅਤਾਂ ਅਤੇ ਇਲਾਕੇ ਦੀਆਂ ਪ੍ਰਮੁੱਖ ਹਸਤੀਆਂ ਵੀ ਹਾਜ਼ਰ ਸਨ। ਸਮਾਗਮ ਦੌਰਾਨ ਸੰਗਤਾਂ ਨੂੰ ਠੰਢਾ ਮਿੱਠਾ ਜਲ ਵੰਡਿਆ ਗਿਆ ਅਤੇ ਗੁਰੂ ਸਾਹਿਬ ਦੇ ਦਰਸਾਏ ਮਾਰਗ 'ਤੇ ਚੱਲਣ ਦਾ ਸੰਕਲਪ ਲਿਆ ਗਿਆ ਹਾਜ਼ਰ ਸੰਗਤਾਂ ਨੇ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਕੀਤੇ ਗਏ ਇਸ ਸੇਵਾ ਕਾਰਜ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਸਮਾਜ ਵਿੱਚ ਸੇਵਾ ਅਤੇ ਪਰਉਪਕਾਰ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ।

# ਸੰਤ ਬਾਬਾ ਗੁਰਬਖਸ਼ ਸਿੰਘ ਜੀ ਖਾਲਸਾ ਅਕੈਡਮੀ ਜੱਬੋਵਾਲ ਦੇ ਸੰਚਾਲਕ ਬਾਬਾ ਮਲਕੀਤ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਸ੍ਰੀ ਹੇਮਕੁੰਟ ਸਾਹਿਬ ਜੀ ਦੇ ਦਰਸ਼ਨ ਕਰਵਾਏ





**ਜੰਡਿਆਲਾ ਗੁਰੂ, 19 ਜੂਨ (ਕੁਲਵੰਤ ਸਿੰਘ ਵਿਰਦੀ )**-ਸੰਤ ਬਾਬਾ ਗੁਰਬਖਸ਼ ਸਿੰਘ ਜੀ ਖਾਲਸਾ ਅਕੈਡਮੀ ਜੱਬੋਵਾਲ ਦੇ ਭੁਝੰਗੀਆਂ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਪੂਰਬਲੇ ਜਨਮ ਦੇ, ਤਪ ਅਸਥਾਨ ਸ੍ਰੀ ਹੇਮਕੁੰਟ ਸਾਹਿਬ ਜੀ ਦੇ ਦਰਸ਼ਨ ਦੀਦਾਰੇ ਕਰਕੇ ਆਪਣਾ ਜੀਵਨ ਸਫ਼ਲਾ ਕੀਤਾ। ਇਸ ਮੌਕੇ ਤੇ ਸੰਤ ਬਾਬਾ ਗੁਰਬਖਸ਼ ਸਿੰਘ ਜੀ ਖਾਲਸਾ ਅਕੈਡਮੀ ਜੱਬੋਵਾਲ ਦੇ ਮੁੱਖ ਸੇਵਾਦਾਰ ਬਾਬਾ ਮਲਕੀਤ ਸਿੰਘ ਜੀ ਨੇ ਪ੍ਰੈਸ ਨੋਟ ਜਾਰੀ ਕਰਦਿਆਂ ਦੱਸਿਆ ਕਿ, ਇਸ ਅਕੈਡਮੀ ਵਿੱਚ ਬੱਚਿਆਂ ਨੂੰ ਗੁਰਮਤਿ ਦੀ ਸੰਥਿਆ ਦਿੱਤੀ ਜਾਂਦੀ ਹੈ, ਇਸ ਤੋਂ ਇਲਾਵਾ ਤੰਤੀ ਸਾਜਾਂ ਨਾਲ ਕੀਰਤਨ ਵੀ ਸਿਖਾਇਆ ਜਾਂਦਾ ਹੈ।, ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਥਾ ਵਿਚਾਰ ਦੀ ਸੰਥਿਆ ਦਾ ਅਧਿਐਨ ਵੀ ਕਰਾਇਆ ਜਾਂਦਾ ਹੈ ਇਸ ਤੋਂ ਇਲਾਵਾ ਬੱਚਿਆਂ ਨੂੰ ਖੇਡਾਂ ਵਿੱਚ ਵੀ ਪ੍ਰੇਰਿਤ ਕੀਤਾ ਜਾਂਦਾ, ਅਤੇ ਸਮੇਂ ਸਮੇਂ ਅਨੁਸਾਰ ਬੱਚਿਆਂ ਨੂੰ ਇਤਿਹਾਸਿਕ ਗੁਰਦੁਆਰਾ ਸਾਹਿਬਾਨਾਂ ਦੇ ਦਰਸ਼ਨ ਦੀਦਾਰੇ ਦੀ ਕਰਾਏ ਜਾਂਦੇ ਹਨ।, ਦਰਸ਼ਨ ਦੀਦਾਰਿਆਂ ਦੀ ਇਸ ਲੜੀ ਦੇ ਤਹਿਤ ਇਸ ਵਾਰ ਸੰਤ ਬਾਬਾ ਗੁਰਬਖਸ਼ ਸਿੰਘ ਜੀ ਖਾਲਸਾ ਅਕੈਡਮੀ ਜੱਬੋਵਾਲ ਦੇ ਭੁਝੰਗੀਆਂ ਨੂੰ ਨਾਲ ਲੈ ਕੇ ਬਾਬਾ ਮਲਕੀਤ ਸਿੰਘ ਜੀ ਵੱਲੋਂ ਸ੍ਰੀ ਹੇਮਕੁੰਟ ਸਾਹਿਬ ਜੀ ਦੇ ਦਰਸ਼ਨ ਦੀਦਾਰੇ ਕਰਨ ਦਾ ਸੁਭਾਗ ਪ੍ਰਾਪਤ ਹੋਇਆ, ਅੱਗੇ ਬਾਬਾ ਮਲਕੀਤ ਸਿੰਘ ਜੀ ਨੇ ਦੱਸਿਆ ਕਿ 11 ਤਰੀਕ ਨੂੰ 20 ਤੋਂ 25 ਗੁਰਸਿੱਖ ਬੱਚਿਆਂ ਦੇ ਨਾਲ ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ ਸ਼ੁਰੂ ਕੀਤੀ ਸੀ।, ਹੇਮਕੁੰਟ ਸਾਹਿਬ ਜੀ ਦੇ ਦਰਸ਼ਨ ਦੀਦਾਰੇ ਕਰਨ ਉਪਰੰਤ, ਰਸਤੇ ਵਿੱਚ ਗੋਬਿੰਦ ਘਾਟ ਗੋਬਿੰਦ ਧਾਮ ਅਤੇ ਪਾਉਂਟਾ ਸਾਹਿਬ ਆਦਿ ਗੁਰਦੁਆਰਾ ਸਾਹਿਬ ਜੀ ਦੇ ਦਰਸ਼ਨ ਦੀਦਾਰੇ ਕੀਤੇ ਇਸ ਪੰਜ ਦਿਨ ਦੀ ਯਾਤਰਾ ਦੌਰਾਨ ਗੁਰਸਿੱਖ ਬੱਚਿਆਂ ਨੇ ਨਾਮ ਬਾਣੀ ਜਸ ਗਾਇਆ। ਇਸ ਜਥੇ ਵਿਚ ਬਾਬਾ ਮਲਕੀਤ ਸਿੰਘ ਤੋਂ ਇਲਾਵਾ ਭਾਈ ਨਿਸ਼ਾਨ ਸਿੰਘ, ਬੂਟਾ ਸਿੰਘ, ਸੁਖਦੇਵ ਸਿੰਘ ਆਦਿ ਹਾਜ਼ਰ ਸਨ

# ਹੇਮਕੁੰਟ ਸਾਹਿਬ ਯਾਤਰਾ ਦੌਰਾਨ ਸਿੱਖ ਸ਼ਰਧਾਲੂਆਂ ਨਾਲ ਕਥਿਤ ਦੁਰਵਿਵਹਾਰ ਦੇ ਮਾਮਲੇ 'ਤੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨੂੰ ਪਰਮਜੀਤ ਸਿੰਘ ਸਰਨਾ ਨੇ ਲਿਖਿਆ ਪੱਤਰ



**ਨਵੀਂ ਦਿੱਲੀ, 19 ਜੂਨ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਅਕਾਲੀ ਦਲ (ਦਿੱਲੀ ਇਕਾਈ) ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ ਉੱਤਰਾਖੰਡ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨੂੰ ਪੱਤਰ ਲਿਖ ਕੇ ਹੇਮਕੁੰਟ ਸਾਹਿਬ ਯਾਤਰਾ ਦੌਰਾਨ ਸਿੱਖ ਸ਼ਰਧਾਲੂਆਂ ਨਾਲ ਕਥਿਤ ਪੁਲਿਸ ਜ਼ਿਆਦਤੀਆਂ ਅਤੇ ਪਰੇਸ਼ਾਨੀ ਪ੍ਰਤੀ ਗੰਭੀਰ ਚਿੰਤਾ ਪ੍ਰਗਟ ਕੀਤੀ ਹੈ। ਆਪਣੇ ਪੱਤਰ ਵਿੱਚ ਸ ਸਰਨਾ ਨੇ ਕਿਹਾ ਕਿ ਦਹਾਕਿਆਂ ਤੋਂ ਲੱਖਾਂ ਸਿੱਖ ਸ਼ਰਧਾਲੂ ਪੂਰੀ ਸ਼ਰਧਾ ਅਤੇ ਅਨੁਸ਼ਾਸਨ ਨਾਲ ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ ਕਰਦੇ ਆ ਰਹੇ ਹਨ ਅਤੇ ਸਥਾਨਕ ਲੋਕਾਂ ਤੇ ਯਾਤਰੀਆਂ ਵਿਚਕਾਰ ਹਮੇਸ਼ਾ ਆਪਸੀ ਸਤਿਕਾਰ ਦਾ ਮਾਹੌਲ ਰਿਹਾ ਹੈ। ਉਨ੍ਹਾਂ ਕਿਹਾ ਕਿ ਕਰਨਪ੍ਰਯਾਗ ਇਲਾਕੇ ਵਿੱਚ ਵਾਪਰੀਆਂ ਹਾਲੀਆ ਘਟਨਾਵਾਂ ਤੋਂ ਬਾਅਦ ਸਿੱਖ ਸ਼ਰਧਾਲੂਆਂ ਨਾਲ ਕਥਿਤ ਤੌਰ 'ਤੇ ਕੀਤੇ ਗਏ ਦੁਰਵਿਵਹਾਰ ਅਤੇ ਭੇਦਭਾਵ ਦੀਆਂ ਰਿਪੋਰਟਾਂ ਚਿੰਤਾਜਨਕ ਹਨ। ਸ ਸਰਨਾ ਨੇ ਦੋਸ਼ ਲਾਇਆ ਕਿ ਕੁਝ ਸਿੱਖ ਨੌਜਵਾਨਾਂ ਖ਼ਿਲਾਫ਼ ਬਿਨਾਂ ਨਿਰਪੱਖ ਜਾਂਚ ਦੇ ਗੰਭੀਰ ਧਾਰਾਵਾਂ ਤਹਿਤ ਕੇਸ ਦਰਜ ਕੀਤੇ ਗਏ ਅਤੇ ਹਿਰਾਸਤ ਦੌਰਾਨ ਉਨ੍ਹਾਂ ਨਾਲ ਮਾੜਾ ਸਲੂਕ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਿੱਖ ਧਾਰਮਿਕ ਚਿੰਨ੍ਹਾਂ, ਖ਼ਾਸ ਕਰਕੇ ਕਿਰਪਾਨ, ਨਾਲ ਜੁੜੀਆਂ ਰਿਪੋਰਟਾਂ ਨੇ ਦੇਸ਼-ਵਿਦੇਸ਼ ਦੇ ਸਿੱਖਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਈ ਹੈ। ਸ਼੍ਰੋਮਣੀ ਅਕਾਲੀ ਦਲ (ਦਿੱਲੀ ਇਕਾਈ) ਨੇ ਉੱਤਰਾਖੰਡ ਸਰਕਾਰ ਤੋਂ ਮੰਗ ਕੀਤੀ ਹੈ ਕਿ ਇਸ ਮਾਮਲੇ ਦੀ ਉੱਚ ਪੱਧਰੀ ਅਤੇ ਨਿਰਪੱਖ ਜਾਂਚ ਕਰਵਾਈ ਜਾਵੇ, ਸਿੱਖ ਸ਼ਰਧਾਲੂਆਂ ਨੂੰ ਕਿਸੇ ਵੀ ਤਰ੍ਹਾਂ ਦੀ ਤੰਗ-ਪਰੇਸ਼ਾਨੀ ਜਾਂ ਧਾਰਮਿਕ ਆਧਾਰ 'ਤੇ ਭੇਦਭਾਵ ਤੋਂ ਬਚਾਇਆ ਜਾਵੇ, ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨੂੰ ਸਿੱਖ ਧਰਮ ਦੇ ਪੰਜ ਕਕਾਰਾਂ ਅਤੇ ਖ਼ਾਸ ਕਰਕੇ ਕਿਰਪਾਨ ਦੀ ਮਹੱਤਤਾ ਬਾਰੇ ਉਚਿਤ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਜਾਣ ਅਤੇ ਯਾਤਰੀਆਂ ਲਈ ਵਿਸ਼ੇਸ਼ ਸ਼ਿਕਾਇਤ ਨਿਵਾਰਨ ਪ੍ਰਣਾਲੀ ਸਥਾਪਤ ਕੀਤੀ ਜਾਵੇ। ਸ ਸਰਨਾ ਨੇ ਕਿਹਾ ਕਿ ਉੱਤਰਾਖੰਡ ਕਰੋੜਾਂ ਸ਼ਰਧਾਲੂਆਂ ਦੀ ਆਸਥਾ ਦਾ ਕੇਂਦਰ ਹੈ ਅਤੇ ਇੱਥੇ ਹਰ ਧਰਮ ਦੇ ਲੋਕਾਂ ਨੂੰ ਸੁਰੱਖਿਆ ਅਤੇ ਸਨਮਾਨ ਦਾ ਅਹਿਸਾਸ ਹੋਣਾ ਚਾਹੀਦਾ ਹੈ।ਉਨ੍ਹਾਂ ਉਮੀਦ ਜਤਾਈ ਕਿ ਉੱਤਰਾਖੰਡ ਸਰਕਾਰ ਸਿੱਖ ਸ਼ਰਧਾਲੂਆਂ ਦਾ ਭਰੋਸਾ ਬਹਾਲ ਕਰਨ ਅਤੇ ਸੰਵਿਧਾਨਕ ਕਦਰਾਂ-ਕੀਮਤਾਂ ਦੀ ਰੱਖਿਆ ਲਈ ਜਲਦ ਕਦਮ ਚੁੱਕੇਗੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਨਿਰਪੱਖ ਹੋਵੇ ਜਾਂਚ ਤਾਂ ਜੋ

# ਸਿੱਖਾਂ ਨੂੰ ਮਿਲ ਸਕੇ ਇਨਸਾਫ— ਜਗਦੀਪ ਸਿੰਘ ਭੁੱਲਰ




**ਫ਼ਿਰੋਜ਼ਪੁਰ, 19 ਜੂਨ (ਮਨੋਹਰ ਲਾਲ) :—** ਮੌਜੂਦਾ ਮੁੱਖ ਮੰਤਰੀ ਦੀ ਵਾਈਰਲ ਹੋਈ ਵੀਡੀਓ ਦੀ ਨਿਰਪੱਖਤਾ ਨਾਲ ਜਾਂਚ ਦੀ ਮੰਗ ਕਰਦਿਆਂ ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂਆਂ ਨੇ ਕਿਹਾ ਕਿ ਲੰਬੇ ਸਮੇਂ ਤੋਂ ਸਿੱਖ ਅਤੇ ਸਿੱਖੀ ਨਾਲ ਧ੍ਰੋਹ ਕਮਾਉਂਦੇ ਹੋਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਨਿਰਾਦਰ ਕੀਤਾ ਜਾਂਦਾ ਰਿਹਾ ਹੈ ਅਤੇ ਹਰ ਵਾਰ ਦੋਸ਼ੀਆਂ ਨੂੰ ਪੂਰੀ ਤਰ੍ਹਾਂ ਸਜਾਵਾਂ ਨਹੀਂ ਮਿਲੀਆਂ, ਜਿਸ ਕਰਕੇ ਸਿੱਖ ਕੌਮ ਦੇ ਹਿਰਦੇ ਵਲੂੰਧਰੇ ਹੋਏ ਹਨ। ਇਸ ਸਬੰਧੀ ਗੱਲਬਾਤ ਕਰਦਿਆਂ ਜ਼ਿਲ੍ਹਾ ਪ੍ਰਧਾਨ ਜਗਦੀਪ ਸਿੰਘ ਭੁੱਲਰ ਨੇ ਦੱਸਿਆ ਕਿ ਉਨ੍ਹਾਂ ਦੀ ਜਥੇਬੰਦੀ ਇਹ ਮੰਗ ਕਰਦੇ ਹਨ ਕਿ ਕੋਈ ਵੀ ਵਿਅਕਤੀ ਭਾਵੇਂ ਕਿੰਨੇ ਵੀ ਉੱਚੇ ਅਹੁਦੇ ਤੇ ਕਿਉਂ ਨਾ ਬੈਠਾ ਹੋਵੇ, ਜਾਂਚ ਅਤੇ ਜਵਾਬਦੇਹ ਤੋਂ ਉਪਰ ਨਹੀਂ ਹੋ ਸਕਦਾ। ਉਨ੍ਹਾਂ ਕਿਹਾ ਕਿ ਬੜੇ ਦੁੱਖਦਾਈ ਅਤੇ ਚਿੰਤਾਜਨਕ ਹਕੀਕਤ ਹੈ ਕਿ ਪਿਛਲੇ ਸਮੇਂ ਦੌਰਾਨ ਆਪਣੇ—ਆਪ ਨੂੰ ਪੰਥਕ ਕਹਿਣ ਵਾਲੀਆਂ ਸਰਕਾਰਾਂ ਦੇ ਕਾਰਜਕਾਲ ਦੌਰਾਨ ਵੀ ਬੇਅਦਬੀ ਦੇ ਅਨੇਕਾਂ ਗੰਭੀਰ ਮਾਮਲੇ ਸਾਹਮਣੇ ਆਏ ਸਨ ਅਤੇ ਉਨ੍ਹਾਂ ਮਾਮਲਿਆਂ ਵਿਚ ਵੀ ਸਿੱਖ ਕੌਮ ਨੇ ਇਨਸਾਫ ਦੀ ਆਸ ਨਾਲ ਲੰਬਾ ਸੰਘਰਸ਼ ਕੀਤਾ, ਪਰ ਅੱਜ ਤੱਕ ਨਾ ਤਾਂ ਦੋਸ਼ੀਆਂ ਨੂੰ ਪੂਰੀ ਤਰ੍ਹਾਂ ਸਜਾ ਮਿਲੀ ਅਤੇ ਨਾ ਹੀ ਸੰਗਤਾਂ ਦੇ ਮਨਾਂ ਵਿਚ ਉੱਠੇ ਸਵਾਲਾਂ ਦੇ ਸੰਤੋਸ਼ਜਨਕ ਜਵਾਬ ਮਿਲੇ, ਜ਼ੋ ਸਮੁੱਚੀ ਸਿੱਖ ਕੌਮ ਅਤੇ ਹਰ ਨਾਨਕ ਨਾਮ ਲੇਵਾ ਲਈ ਡੂੰਘੀ ਪੀੜਾ ਅਤੇ ਚਿੰਤਾ ਦਾ ਵਿਸ਼ਾ ਹੈ।

ਆਗੂਆਂ ਨੇ ਕਿਹਾ ਕਿ ਮੌਜੂਦਾ ਮਾਮਲੇ ਵਿਚ ਵੀ ਕਿਸੇ ਕਿਸਮ ਦੀ ਲਾਪ੍ਰਵਾਹੀ ਜਾਂ ਪੱਖਪਾਤ ਪੰਜਾਬ ਦੇ ਲੋਕਾਂ ਦੇ ਨਿਆਂ ਪ੍ਰਣਾਲੀ ਉੱਤੇ ਭਰੋਸੇ ਨੂੰ ਹੋਰ ਕਮਜੋਰ ਕਰ ਸਕਦਾ ਹੈ ਅਤੇ ਇਸ ਲਈ ਜਥੇਬੰਦੀ ਮੰਗ ਕਰਦੀ ਹੈ ਕਿ ਫੋਰੈਸਿਕ ਰਿਪੋਰਟਾਂ ਅਤੇ ਉਪਲਬਧ ਤੱਥਾਂ ਦੇ ਆਧਾਰ ਤੇ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਖਿਲਾਫ ਬਣਦੀਆਂ ਕਾਨੂੰਨੀ ਧਰਾਵਾਂ ਤਹਿਤ ਤੁਰੰਤ ਪਰਚਾ ਦਰਜ ਕਰਾਇਆ ਜਾਵੇ ਅਤੇ ਇਸ ਪਰਚੇ ਦੀ ਤਫਤੀਸ਼ ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਕਿਸੇ ਮੌਜੂਦਾ ਜੱਜ ਦੀ ਨਿਗਰਾਨੀ ਹੇਠ ਸੁਤੰਤਰ, ਨਿਰਪੱਖ ਅਤੇ ਸਮਾਂਬੱਧ ਢੰਗ ਨਾਲ ਕਰਵਾਈ ਜਾਵੇ। ਆਗੂਆਂ ਨੇ ਕਿਹਾ ਕਿ ਜਾਂਚ ਦੀ ਪਾਰਦਰਸ਼ਤਾ ਅਤੇ ਨਿਰਪੱਖਤਾ ਨੂੰ ਯਕੀਨੀ ਬਣਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੈਤਿਕ ਆਧਾਰ ਤੇ ਆਪਣੇ ਅਹੁਦੇ ਤੋਂ ਅਸਤੀਫਾ ਦੇਣ, ਜਾਂਚ ਦੌਰਾਨ ਕਿਸੇ ਵੀ ਤਰ੍ਹਾਂ ਦੇ ਰਾਜਨੀਤਕ, ਪ੍ਰਸ਼ਾਸਕੀ ਜਾਂ ਸਰਕਾਰੀ ਪ੍ਰਭਾਵ ਨੂੰ ਰੋਕਣ ਲਈ ਵਿਸ਼ੇਸ਼ ਨਿਗਰਾਨੀ ਪ੍ਰਬੰਧ ਕੀਤੇ ਜਾਣ। ਆਗੂਆਂ ਨੇ ਮੰਗ ਕੀਤੀ ਕਿ ਜਾਂਚ ਰਿਪੋਰਟ ਜਨਤਕ ਕੀਤੀ ਜਾਵੇ ਤਾਂ ਜ਼ੋ ਪੰਜਾਬ ਦੇ ਲੋਕ ਅਤੇ ਸਿੱਖ ਕੌਮ ਦੇ ਮਨਾਂ ਵਿਚ ਉਠ ਰਹੇ ਸਵਾਲਾਂ ਦਾ ਨਿਰਪੱਖ ਅਤੇ ਭਰੋਸੇਯੋਗ ਜਵਾਬ ਮਿਲ ਸਕੇ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਜਗਦੀਪ ਸਿੰਘ ਭੁੱਲਰ, ਜ਼ਸਕਰਨ ਸਿੰਘ ਕਾਹਨ ਸਿੰਘ ਵਾਲਾ, ਕਸ਼ਮੀਰ ਸਿੰਘ, ਰਣਜੀਤ ਸਿੰਘ, ਸੁਖਦੇਵ ਸਿੰਘ, ਅਵਤਾਰ ਸਿੰਘ, ਪ੍ਰਗਟ ਸਿੰਘ ਮੱਖੂ, ਅਵਤਾਰ ਸਿੰਘ, ਕਰਨੈਲ ਸਿੰਘ, ਬਲਵੰਤ ਸਿੰਘ, ਦਿਲਬਾਗ ਸਿੰਘ, ਨਿਸ਼ਾਨ ਸਿੰਘ, ਗੁਰਪ੍ਰੀਤ ਸਿੰਘ, ਅਰਸ਼ਦੀਪ ਸਿੰਘ, ਹਰਜਿੰਦਰ ਸਿੰਘ ਹਲਕਾ ਇੰਨਚਾਰਜ ਜ਼ੀਰਾ, ਸੁਖਵੀਰ ਸਿੰਘ, ਕੋਮਲਪ੍ਰੀਤ ਸਿੰਘ, ਅਜੀਤ ਸਿੰਘ, ਹਰਦੀਪ ਸਿੰਘ, ਸੁਖਚੈਨ ਸਿੰਘ, ਲਵਪ੍ਰੀਤ ਸਿੰਘ, ਗੋਰਾ ਸਿੰਘ, ਬਲਵੰਤ ਸਿੰਘ, ਗੁਰਮੀਤ ਸਿੰਘ, ਸੁਖਬੀਰ ਸਿੰਘ, ਅਮਰੀਕ ਸਿੰਘ, ਗੁਰਦੇਵ ਸਿੰਘ, ਹਰਭਜਨ ਸਿੰਘ, ਗੁਰਮੀਤ ਸਿੰਘ, ਨਰਿੰਦਰ ਸਿੰਘ, ਲਖਵਿੰਦਰ ਸਿੰਘ, ਗੁਰਨਾਮ ਸਿੰਘ, ਅਕਾਸ਼ਦੀਪ ਸਿੰਘ, ਬਲਦੇਵ ਸਿੰਘ, ਜ਼ਸਵੀਰ ਸਿੰਘ, ਕਾਬਲ ਸਿੰਘ, ਸਕੱਤਰ ਸੁਖਦੇਵ ਸਿੰਘ ਵੰਝੋ ਕੇ ਮਖੂ, ਤਰਸੇਮ ਸਿੰਘ, ਗੁਰਸ਼ਾਨ ਸਿੰਘ, ਦਲੇਰ ਸਿੰਘ, ਜੁਗਰਾਜ ਸਿੰਘ, ਗੁਰਨਾਮ ਸਿੰਘ ਅਤੇ ਬਾਜ ਸਿੰਘ ਹਾਜ਼ਰ ਸਨ।

### ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਲੋਕ ਮਿਲਣੀ ਤਹਿਤ

# ਪਿੰਡ ਨਵਾਂਕੋਟ ਅਤੇ ਜੰਡਿਆਲਾ ਗੁਰੂ ਦੇ ਵਾਰਡਾਂ ਵਿੱਚ ਲੋਕਾਂ ਨਾਲ ਕੀਤਾ ਸਿੱਧਾ ਸੰਵਾਦ



ਜੰਡਿਆਲਾ ਗੁਰੂ 19 ਜੂਨ ( ਕੁਲਵੰਤ ਸਿੰਘ ਵਿਰਦੀ ) : ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਵਿਧਾਇਕ ਅਤੇ ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਸ਼ਾਮ ਲੋਕ ਮਿਲਣੀ ਪ੍ਰੋਗਰਾਮ ਤਹਿਤ ਪਿੰਡ ਨਵਾਂਕੋਟ ਅਤੇ ਜੰਡਿਆਲਾ ਗੁਰੂ ਦੇ ਵਾਰਡ ਨੰਬਰ 7, 14 ਅਤੇ 15 ਵਿੱਚ ਵਿਸ਼ੇਸ਼ ਇਕੱਤਰਤਾਵਾਂ ਕਰਕੇ ਇਲਾਕਾ ਨਿਵਾਸੀਆਂ ਨਾਲ ਸਿੱਧਾ ਰਾਬਤਾ ਕਾਇਮ ਕੀਤਾ ਗਿਆ।ਇਸ ਮੌਕੇ ਸ.ਈ.ਟੀ.ਓ. ਨੇ ਲੋਕਾਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਨੂੰ ਧਿਆਨ ਨਾਲ ਸੁਣਿਆ ਅਤੇ ਸਬੰਧਤ ਅਧਿਕਾਰੀਆਂ ਨੂੰ ਉਨ੍ਹਾਂ ਦੇ ਜਲਦ ਨਿਪਟਾਰੇ ਲਈ ਲੋੜੀਂਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਅਤੇ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ।ਸ. ਹਰਭਜਨ ਸਿੰਘ ਈ.ਟੀ.ਓ. ਨੇ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਹਰ ਵਰਗ ਤੱਕ ਵਿਕਾਸ ਅਤੇ ਭਲਾਈ ਯੋਜਨਾਵਾਂ ਦਾ ਲਾਭ ਪਹੁੰਚਾਉਣਾ ਹੈ। ਉਨ੍ਹਾਂ ਕਿਹਾ ਕਿ ਜੰਡਿਆਲਾ ਗੁਰੂ ਵਿਧਾਨ ਸਭਾ ਹਲਕੇ ਵਿੱਚ ਬੁਨਿਆਦੀ ਢਾਂਚੇ ਦੀ ਮਜ਼ਬੂਤੀ, ਸੜਕਾਂ, ਸੀਵਰੇਜ, ਪੀਣ ਵਾਲੇ ਪਾਣੀ ਅਤੇ ਹੋਰ ਵਿਕਾਸ ਕਾਰਜਾਂ ਨੂੰ ਤਰਜੀਹ ਦੇ ਆਧਾਰ 'ਤੇ ਪੂਰਾ ਕੀਤਾ ਜਾ ਰਿਹਾ ਹੈ।ਉਨ੍ਹਾਂ ਆਪਣੀ ਵਚਨਬੱਧਤਾ ਨੂੰ ਮੁੜ ਦੁਹਰਾਉਂਦਿਆਂ ਕਿਹਾ ਕਿ ਜੰਡਿਆਲਾ ਗੁਰੂ ਨੂੰ ਵਿਕਾਸ ਪੱਖੋਂ ਸੂਬੇ ਦੇ ਮੋਹਰੀ ਵਿਧਾਨ ਸਭਾ ਹਲਕਿਆਂ ਵਿੱਚ ਸ਼ਾਮਲ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਅਤੇ ਲੋਕਾਂ ਦੀਆਂ ਉਮੀਦਾਂ 'ਤੇ ਪੂਰਾ ਉਤਰਨ ਲਈ ਉਹ ਹਮੇਸ਼ਾ ਲੋਕਾਂ ਦੇ ਵਿਚਕਾਰ ਰਹਿ ਕੇ ਕੰਮ ਕਰਦੇ ਰਹਿਣਗੇ।ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ, ਪਾਰਟੀ ਵਰਕਰ ਅਤੇ ਹੋਰ ਪਤਵੰਤੇ ਹਾਜ਼ਰ ਸਨ।

**ਜੰਡਿਆਲਾ ਗੁਰੂ ਨੂੰ ਵਿਕਾਸ ਪੱਖੋਂ ਮੋਹਰੀ ਵਿਧਾਨ ਸਭਾ ਹਲਕਾ ਬਣਾਉਣ ਲਈ ਪੰਜਾਬ ਸਰਕਾਰ ਵਚਨਬੱਧ : ਈ.ਟੀ.ਓ.**

# ਗੁਰਦੁਆਰਾ ਅਕਾਲਗੜ੍ਹ ਸਾਹਿਬ ਵਿਖੇ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਦਾ ਸ਼ਹੀਦੀ ਦਿਹਾੜਾ ਮਨਾਇਆ



ਫ਼ਿਰੋਜ਼ਪੁਰ, 19 ਜੂਨ (ਮਨੋਹਰ ਲਾਲ) :— ਗੁਰਦੁਆਰਾ ਅਕਾਲਗੜ੍ਹ ਸਾਹਿਬ ਵਿਖੇ ਸ਼ਹੀਦਾਂ ਦੇ ਸਿਰਤਾਜ ਧੰਨ—ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਦਾ ਸ਼ਹੀਦੀ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ, ਢਾਡੀ, ਕਵੀਸ਼ਰੀ ਜਥਿਆਂ ਵੱਲੋਂ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਜੀ ਦੇ ਜੀਵਨ ਤੇ ਚਾਨਣਾ ਪਾਇਆ ਗਿਆ। ਇਸ ਮੌਕੇ ਤੇ ਰਾਗੀ ਭਾਈ ਸਤਵੰਤ ਸਿੰਘ, ਗੁਰਦੁਆਰਾ ਸ੍ਰੀ ਅਕਾਲਗੜ੍ਹ ਸਾਹਿਬ, ਭਾਈ ਸਵਰਨ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ, ਢਾਡੀ ਜਥਾ ਭਾਈ ਮੇਜਰ ਸਿੰਘ ਖਾਲਸਾ ਲੌਹੀਆ ਵਾਲਿਆਂ ਨੇ ਧੰਨ—ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਜੀ ਦੇ ਜੀਵਨ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ। ਇਸ ਮੌਕੇ ਤੇ ਬਲਦੇਵ ਸਿੰਘ ਪ੍ਰਧਾਨ, ਪ੍ਰੀਤਮ ਸਿੰਘ ਚੇਅਰਮੈਨ, ਅਵਤਾਰ ਸਿੰਘ ਮੀਤ ਪ੍ਰਧਾਨ, ਜਰਨੈਲ ਸਿੰਘ ਸਟੋਰ ਕੀਪਰ, ਸਵਰਨ ਸਿੰਘ ਸੁਹਾਨਾ ਸਹਾਇਕ ਸਕੱਤਰ, ਕੁਲਦੀਪ ਸਿੰਘ ਨੰਢਾ ਸਕੱਤਰ ਨੇ ਬਹੁਤ ਹੀ ਵਧੀਆ ਢੰਗ ਨਾਲ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਪ੍ਰਧਾਨ ਬਲਦੇਵ ਸਿੰਘ ਨੇ ਸਮੂਹ ਆਈਆਂ ਸੰਗਤਾਂ ਨੂੰ ਜੀ ਆਇਆ ਆਖਿਆ, ਸਟੇਜ਼ ਦੀ ਸੇਵਾ ਕੁਲਦੀਪ ਸਿੰਘ ਨੰਢਾ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ।

## ਧੰਨ-ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਗੁਰਪੁਰਬ ਸ਼ਰਧਾ ਭਾਵਨਾ ਨਾਲ ਮਨਾਇਆ



**ਫ਼ਿਰੋਜ਼ਪੁਰ, 19 ਜੂਨ (ਮਨੋਹਰ ਲਾਲ) :—** ਸ਼ਹੀਦਾਂ ਦੇ ਸਰਤਾਜ ਪੰਜਵੇਂ ਪਾਤਸ਼ਾਹ ਧੰਨ—ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਗੁਰਪੁਰਬ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁਰਦੁਆਰਾ ਗੁਰੂ ਰਾਮਦਾਸਪੁਰੀ ਅਰਮਾਨਪੁਰਾ (ਆਸਲ) ਵਿਖੇ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਪ੍ਰਬੰਧਕਾਂ ਨੇ ਦੱਸਿਆ ਕਿ 17 ਜੂਨ 2026 (3 ਹਾੜ) ਦਿਨ ਬੁੱਧਵਾਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਆਰੰਭ ਕੀਤੇ ਗਏ, ਉਪਰੰਤ 18 ਜੂਨ ਨੂੰ ਗੁਰਦੁਆਰਾ ਗੁਰੂ ਰਾਮਦਾਸਪੁਰੀ ਅਰਮਾਨਪੁਰਾ, ਗੁਰੂ ਰਾਮਦਾਸ ਪਬਲਿਕ ਸਕੂਲ ਸ਼ਾਹਦੀਨ ਵਾਲਾ ਅਤੇ ਗੁਰਦੁਆਰਾ ਗੁਰੂ ਤੇਗ ਬਹਾਦਰ ਸਾਹਿਬ ਜ਼ੀਰਾ ਗੇਟ ਫ਼ਿਰੋਜ਼ਪੁਰ ਸ਼ਹਿਰ ਵੱਲੋਂ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਅਤੇ ਲੰਗਰ ਲਗਾਏ ਗਏ। ਅੱਜ ਤਿੀ 19 ਜੂਨ 2026 ਦਿਨ ਸ਼ੁਕਰਵਾਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਉਪਰੰਤ ਖੁੱਲੇ ਪੰਡਾਲ ਵਿਚ ਦੀਵਾਨ ਸਜਾਏ ਗਏ, ਜਿਨ੍ਹਾਂ ਵਿਚ ਰਾਗੀ ਸਿੰਘਾਂ, ਕਥਾਵਾਚਕਾਂ ਅਤੇ ਢਾਡੀ ਜਥਿਆਂ ਨੇ ਸੰਗਤਾਂ ਨੂੰ ਕਥਾ ਵਿਚਾਰਾਂ, ਕਵੀਸ਼ਰੀ ਅਤੇ ਕੀਰਤਨ ਨਾਲ ਨਿਹਾਲ ਕੀਤਾ। ਗੁਰਦੁਆਰਾ ਰਾਮਦਾਸਪੁਰੀ ਦੇ ਮੁੱਖ ਸੇਵਾਦਾਰ ਭਗਤ ਬਾਬਾ ਮਿਲਖਾ ਸਿੰਘ ਨੇ ਸਮਾਗਮ ਵਿਚ ਦੂਰੋਂ ਨੇੜਿਓ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਸੰਗਤਾਂ ਨੂੰ ਪੰਜਵੇਂ ਪਾਤਸ਼ਾਹ ਧੰਨ—ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਜੀਵਨ ਬਾਰੇ ਚਾਨਣਾ ਪਾਇਆ। ਬਾਬਾ ਜੀ ਨੇ ਸੰਗਤਾਂ ਨੂੰ ਅੰਮ੍ਰਿਤ ਛਕਣ ਅਤੇ ਗੁਰੂ ਘਰ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ, ਉਪਰੰਤ ਗੁਰੂ ਘਰ ਦਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਅੰਮ੍ਰਿਤਸਰ ਵਿੱਚ ਸਰਹੱਦ ਨੇੜਿਓਂ

# ਏਕੇ-47 ਰਾਈਫਲ ਸਮੇਤ 26 ਆਧੁਨਿਕ ਹਥਿਆਰ ਬਰਾਮਦ; ਇੱਕ ਵਿਅਕਤੀ ਕਾਬੂ

**ਜੰਡਿਆਲਾ ਗੁਰੂ , 19 ਜੂਨ ( ਕੁਲਵੰਤ ਸਿੰਘ ਵਿਰਦੀ )**-ਸਰਹੱਦ ਪਾਰੋਂ ਹਥਿਆਰ ਤਸਕਰੀ ਵਿਰੁੱਧ ਵੱਡੀ ਸਫਲਤਾ ਦਰਜ ਕਰਦਿਆਂ ਸੀਮਾ ਸੁਰੱਖਿਆ ਬਲ (ਬੀਐਸਐਫ) ਪੰਜਾਬ ਨੇ ਪੰਜਾਬ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਵਿੱਚ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਸ ਦੇ ਕਬਜ਼ੇ ਵਿੱਚੋਂ ਇੱਕ ਏਕੇ-47 ਰਾਈਫਲ ਅਤੇ 25 ਪਿਸਤੌਲਾਂ ਸਮੇਤ ਕੁੱਲ 26 ਆਧੁਨਿਕ ਹਥਿਆਰ ਬਰਾਮਦ ਕੀਤੇ ਹਨ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਦਿੱਤੀ।ਜ਼ਿਕਰਯੋਗ ਹੈ ਕਿ ਪੰਜਾਬ ਪੁਲਿਸ ਨੇ ਅੱਤਵਾਦੀ ਗਤੀਵਿਧੀਆਂ ਵਿਰੁੱਧ ਆਪਣੀ ਮੁਹਿੰਮ ਤੇਜ਼ ਕਰ ਦਿੱਤੀ ਹੈ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਅਣਥੱਕ ਮਿਹਨਤ ਕੀਤੀ ਜਾ ਰਹੀ ਹੈ। ਇਹ ਕਾਰਵਾਈ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸਐਸਓਸੀ) ਅੰਮ੍ਰਿਤਸਰ ਵੱਲੋਂ ਅਮਲ ਵਿੱਚ ਲਿਆਂਦੀ ਗਈ।ਦੋਸ਼ੀ ਵਿਅਕਤੀ, ਜਿਸਦੀ ਪਛਾਣ ਰੋਹਨ ਖੋਸਲਾ, ਵਾਸੀ ਰੂਪਨਗਰ ਕਲੋਨੀ, ਅੰਮ੍ਰਿਤਸਰ ਵਜੋਂ ਹੋਈ ਹੈ, ਨੂੰ ਭਾਰਤ-ਪਾਕਿਸਤਾਨ ਅੰਤਰਰਾਸ਼ਟਰੀ ਸਰਹੱਦ ਦੇ ਨੇੜਿਓਂ ਗ੍ਰਿਫ਼ਤਾਰ ਕੀਤਾ ਗਿਆ।ਪੁਲਿਸ ਨੇ ਦੋਸ਼ੀ ਕੋਲੋਂ 14 9ਐਮ.ਐਮ. ਅਤੇ 11 .30 ਬੋਰ ਦੇ ਵੱਖ ਵੱਖ ਮਾਰਕੇ ਦੇ ਪਿਸਤੌਲ-ਜਿਨ੍ਹਾਂ ਵਿੱਚ ਨੋਰਿੰਕੋ ਸਟਾਰ ਮਾਰਕ, ਗਲੌਕ, ਜ਼ਿਗਾਨਾ, ਟੌਰਸ, ਵਾਲਥਰ ਆਦਿ ਸ਼ਾਮਲ ਹਨ ਸਮੇਤ 368 ਜ਼ਿੰਦਾ ਕਾਰਤੂਸ ਅਤੇ 48 ਮੈਗਜ਼ੀਨ ਬਰਾਮਦ ਕੀਤੇ ਹਨ।ਵੱਡੀ ਮਾਤਰਾ ਵਿੱਚ ਹਥਿਆਰਾਂ ਅਤੇ ਗੋਲੀ-ਸਿੱਕੇ ਦੀ ਖੇਪ ਬਰਾਮਦ ਕਰਨ ਤੋਂ ਇਲਾਵਾ ਪੁਲਿਸ ਟੀਮ ਨੇ ਅਮਰੀਕਾ ਦੀ ਬਣੀ ਇੱਕ ਬੁਲੇਟ-ਪਰੂਫ ਜੈਕੇਟ ਵੀ ਬਰਾਮਦ ਕੀਤੀ ਹੈ ਅਤੇ ਦੋਸ਼ੀ ਦੀ ਹੁੰਡਈ ਆਈ-20 ਕਾਰ ( ਪੀਬੀ 02 ਈਜੇ 2347) , ਜਿਸਦੀ ਵਰਤੋਂ ਉਹ ਹਥਿਆਰ ਤਸਕਰੀ ਲਈ ਕਰ ਰਿਹਾ ਸੀ, ਨੂੰ ਵੀ ਜ਼ਬਤ ਕੀਤਾ ਹੈ ।ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤਾ ਗਿਆ ਮੁਲਜ਼ਮ ਆਸਟ੍ਰੇਲੀਆ-ਅਧਾਰਤ ਹੈਂਡਲਰ, ਜਿਸਨੇ ਸੋਸ਼ਲ ਮੀਡੀਆ ਐਪਲੀਕੇਸ਼ਨ ਰਾਹੀਂ ਹਥਿਆਰ ਪਹੁੰਚਾਉਣ ਵਾਲੇ ਟਿਕਾਣੇ ਬਾਰੇ ਜਾਣਕਾਰੀ ਸਾਂਝੀ ਕੀਤੀ ਸੀ, ਦੇ ਨਿਰਦੇਸ਼ਾਂ ’ਤੇ ਕੰਮ ਕਰ ਰਿਹਾ ਸੀ ।ਡੀਜੀਪੀ ਨੇ ਕਿਹਾ ਕਿ ਅਗਲੇ-ਪਿਛਲੇ ਸਬੰਧ ਸਥਾਪਤ ਕੀਤੇ ਜਾ ਰਹੇ ਹਨ ਅਤੇ ਇਸ ਮਾਮਲੇ ਵਿੱਚ ਸ਼ਾਮਲ ਸਾਰੇ ਕਾਰਕੁੰਨਾਂ ਦੀ ਪਛਾਣ ਕਰਨ, ਪੂਰੇ ਅੱਤਵਾਦੀ ਨੈੱਟਵਰਕ ਨੂੰ ਖਤਮ ਕਰਨ ਅਤੇ ਸਰਹੱਦ ਪਾਰੋਂ ਹਥਿਆਰ ਤਸਕਰੀ ਦੇ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ ਲਈ ਕਰਨ ਲਈ ਹੋਰ ਜਾਂਚ ਜਾਰੀ ਹੈ ।ਅਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦਿਆਂ ਏ.ਆਈ.ਜੀ. ਐਸਐਸਓਸੀ ਅੰਮ੍ਰਿਤਸਰ ਸੁਖਮਿੰਦਰ ਸਿੰਘ ਮਾਨ ਨੇ ਦੱਸਿਆ ਕਿ ਬੀਐਸਐਫ ਤੋਂ, ਬਾਰਡਰ ਆਊਟਪੋਸਟ (ਬੀਓਪੀ) ਸ਼ਾਹਪੁਰ ਦੇ ਇਲਾਕੇ ਵਿੱਚ ਡਰੋਨ ਰਾਹੀਂ ਸੁੱਟੀ ਗਈ ਹਥਿਆਰਾਂ ਦੀ ਖੇਪ ਪ੍ਰਾਪਤ ਕਰਨ ਬਾਰੇ ਪੁਖ਼ਤਾ ਇਤਲਾਹ ਮਿਲੀ ਸੀ। ਇਸ ’ਤੇ ਤੇਜ਼ੀ ਨਾਲ ਕਾਰਵਾਈ ਕਰਦੇ ਹੋਏ ਐਸਐਸਓਸੀ ਅੰਮ੍ਰਿਤਸਰ ਦੀ ਟੀਮ ਨੇ ਬੀਐਸਐਫ ਟੀਮ ਦੇ ਤਾਲਮੇਲ ਨਾਲ ਹੁੰਡਈ ਆਈ-20 ਵਿੱਚ ਜਾ ਰਹੇ ਸ਼ੱਕੀ ਰੋਹਨ ਖੋਸਲਾ ਨੂੰ ਗ੍ਰਿਫ਼ਤਾਰ ਕੀਤਾ ।ਉਨ੍ਹਾਂ ਦੱਸਿਆ ਕਿ ਕਾਰ ਦੀ ਤਲਾਸ਼ੀ ਦੌਰਾਨ, 25 ਆਧੁਨਿਕ ਪਿਸਤੌਲ ਅਤੇ ਇੱਕ ਏਕੇ-47 ਰਾਈਫਲ ਦੇ ਸਮੇਤ ਜ਼ਿੰਦਾ ਕਾਰਤੂਸ ਅਤੇ ਮੈਗਜ਼ੀਨ ਅਤੇ ਅਮਰੀਕਾ ਦੀ ਬਣੀ ਇੱਕ ਬੁਲੇਟ-ਪਰੂਫ ਜੈਕੇਟ ਬਰਾਮਦ ਕੀਤੀ ਗਈ ।ਏਆਈਜੀ ਨੇ ਕਿਹਾ ਕਿ ਇਹ ਵੀ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤਾ ਗਿਆ ਮੁਲਜ਼ਮ ਆਪਣੇ ਆਸਟ੍ਰੇਲੀਆ ਸਥਿਤ ਹੈਂਡਲਰ ਦੇ ਨਿਰਦੇਸ਼ਾਂ ਅਨੁਸਾਰ ਇਸ ਖੇਪ ਨੂੰ ਅੱਗੇ ਹੋਰ ਕਾਰਕੁੰਨਾਂ ਤੱਕ ਪਹੁੰਚਾਉਣ ਲਈ ਇੱਕ ਸਥਾਨਕ ਲਿੰਕ ਵਜੋਂ ਕੰਮ ਕਰ ਰਿਹਾ ਸੀ। ਇਸ ਸਬੰਧੀ ਅਗਲੇਰੀ ਜਾਂਚ ਜਾਰੀ ਹੈ ।ਇਸ ਸਬੰਧ ਵਿੱਚ ਐਫਆਈਆਰ ਨੰਬਰ 39 ਮਿਤੀ 19.06.2026 ਨੂੰ, ਅਸਲਾ ਐਕਟ ਦੀ ਧਾਰਾ 25, ਬੀਐਨਐਸ ਦੀ ਧਾਰਾ 111 ਅਤੇ 61(2) ਅਤੇ ਭਾਰਤੀ ਵਾਯੂਯਾਨ ਅਧਿਨੀਅਮ ਦੀ ਧਾਰਾ 25, 26, 27, 28 ਅਤੇ 29 ਦੇ ਤਹਿਤ ਪੁਲਿਸ ਸਟੇਸ਼ਨ ਐਸਐਸਓਸੀ ਅੰਮ੍ਰਿਤਸਰ ਵਿਖੇ ਕੇਸ ਦਰਜ ਕੀਤਾ ਗਿਆ ਹੈ।




**ਹਥਿਆਰਾਂ ਦੀ ਖੇਪ ਅੱਗੇ ਡਿਲੀਵਰ ਕਰਨ ਲਈ ਸਥਾਨਕ ਲਿੰਕ ਵਜੋਂ ਕੰਮ ਕਰ ਰਿਹਾ ਸੀ ਗ੍ਰਿਫਤਾਰ ਕੀਤਾ ਮੁਲਜ਼ਮ: ਏਆਈਜੀ ਐਸਐਸਓਸੀ ਅੰਮ੍ਰਿਤਸਰ ਸੁਖਮਿੰਦਰ ਮਾਨ**

ਆਵਾਜ਼ਿ ਕੌਮ AWAZE QAUM International Newspaper & WEB TV

## ਮਿਡ ਡੇ ਮੀਲ ਵਰਕਰਜ਼ ਯੂਨੀਅਨ ਵਲੋਂ ਜ਼ਿਲ੍ਹਾ ਪੱਧਰੀ ਰੋਸ ਰੈਲੀ ਕੀਤੀ ਗਈ

# ਪਹਿਲੀ ਜੁਲਾਈ ਤੋਂ ਕੰਮ ਬੰਦ ਕਰਨ ਸਬੰਧੀ ਡੀ.ਸੀ. ਅਤੇ ਡੀ.ਈ.ਓ. ਨੂੰ ਸੌਂਪਿਆ ਮੰਗ ਪੱਤਰ



ਹੁਸ਼ਿਆਰਪੁਰ, 19 ਜੂਨ (ਆਵਾਜ਼ਿ ਕੌਮ ਬਿਊਰੋ)- ਸਕੂਲਾਂ ਅੰਦਰ ਖਾਣਾ ਬਣਾਉਣ ਵਾਲੀਆਂ ਮਹਿਲਾਵਾਂ ਦੀ ਸੰਘਰਸ਼ਸ਼ੀਲ ਜੱਥੇਬੰਦੀ ਮਿਡ ਡੇ ਮੀਲ ਵਰਕਰਜ਼ ਯੂਨਅਨ ਵਲੋਂ ਪਿਛਲੇ ਲੰਬੇ ਸਮੇਂ ਤੋਂ ਆਪਣੀਆਂ ਮੰਗਾਂ ਦੀ ਪ੍ਰਾਪਤੀ ਅਤੇ ਸਰਕਾਰ ਵਲੋਂ ਕੀਤੇ ਜਾ ਰਹੇ ਆਰਥਿਕ ਅਤੇ ਮਾਨਸਿਕ ਸ਼ੋਸ਼ਣ ਖਿਲਾਫ ਸੰਘਰਸ਼ ਕੀਤਾ ਜਾ ਰਿਹਾ ਹੈ। ਜੱਥੇਬੰਦੀ ਵਲੋਂ ਮੀਟਿੰਗ ਕਰਕੇ ਫੈਸਲਾ ਕੀਤਾ ਗਿਆ ਹੈ ਕਿ ਸੂਬੇ ਭਰ ਵਿੱਚ ਜ਼ਿਲ੍ਹਾ ਪੱਧਰੀ ਰੋਸ ਰੈਲੀਆਂ ਕਰਕੇ ਡਿਪਟੀ ਕਮਿਸ਼ਨਰਾਂ ਅਤੇ ਜ਼ਿਲ੍ਹਾ ਸਿੱਖਿਆ ਅਫਸਰਾਂ ਰਾਹੀ ਮੁੱਖ ਮੰਤਰੀ ਅਤੇ ਸਿੱਖਿਆ ਮੰਤਰੀ ਨੂੰ ਮੰਗ ਪੱਤਰ ਭੇਜੇ ਜਾਣ ਅਤੇ ਇਸਦੇ ਨਾਲ ਹੀ ਸਰਕਾਰ ਦੀ ਵਾਅਦਾ ਖਿਲਾਫੀ ਕਾਰਣ ਪਹਿਲੀ ਜੁਲਾਈ ਤੋਂ ਸਕੂਲਾਂ ਅੰਦਰ ਖਾਣਾ ਬਣਾਉਣ ਦਾ ਬਾਈਕਾਟ ਕਰਨ ਦੇ ਨੋਟਿਸ ਵੀ ਭੇਜੇ ਜਾਣ। ਜ਼ਿਲ੍ਹਾ ਹੁਸ਼ਿਆਰਪੁਰ ਦੀ ਇਕਾਈ ਵਲੋਂ ਇਸ ਐਕਸ਼ਨ ਨੂੰ ਨੇਪਰੇ ਚਾੜਨ ਲਈ ਜੱਥੇਬੰਦੀ ਦੀ ਜ਼ਿਲ੍ਹਾ ਪ੍ਰਧਾਨ ਆਸ਼ਾ ਰਾਣੀ ਦੀ ਅਗਵਾਈ ਹੇਠ ਮਿੰਨੀ ਸਕੱਤਰੇਤ ਹੁਸ਼ਿਆਰਪੁਰ ਅੱਗੇ ਜ਼ਿਲ੍ਹਾ ਪੱਧਰੀ ਰੈਲੀ ਕੀਤੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਜੱਥੇਬੰਦੀ ਦੀ ਸੂਬਾ ਜਨਰਲ ਸਕੱਤਰ ਕਮਲਜੀਤ ਕੌਰ ਨੇ ਕਿਹਾ ਕਿ ਜਦੋਂ ਤੋਂ ਇਹ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਹੋਂਦ ਵਿੱਚ ਆਈ ਹੈ ਉਦੋਂ ਤੋਂ ਹੀ ਪਿਛਲੀਆਂ ਸਰਕਾਰਾਂ ਤੋਂ ਵੀ ਤੇਜ਼ੀ ਨਾਲ ਮੁਲਾਜ਼ਮ ਵਿਰੋਧੀ ਨੀਤੀਆਂ ਲਾਗੂ ਕਰ ਰਹੀ ਹੈ ਉਹਨਾਂ ਕਿਹਾ ਕਿ ਸਰਕਾਰ ਵਲੋਂ ਜੱਥੇਬੰਦੀ ਨਾਲ ਕੀਤੀਆਂ ਮੀਟਿੰਗਾਂ ਵਿੱਚ ਹੋਏ ਫੈਸਲਿਆਂ ਨੂੰ ਲਾਗੂ ਨਹੀਂ ਕੀਤਾ ਜਿ ਰਿਹਾ ਜਿਸ ਕਾਰਣ ਸੂਬੇ ਭਰ ਦੀਆਂ ਮਿਡ ਡੇ ਮੀਲ ਵਰਕਰਾਂ ਅੰਦਰ ਭਾਰੀ ਰੋਸ ਹੈ ਅਤੇ ਜੱਥੇਬੰਦੀ ਵਲੋਂ ਪਹਿਲੀ ਜੁਲਾਈ ਤੋਂ ਖਾਣਾ ਨਾ ਬਣਾਉਣ ਦਾ ਫੈਸਲਾ ਕੀਤਾ ਗਿਆ ਹੈ। ਰੈਲੀ ਵਿੱਚ ਵਿਸ਼ੇਸ਼ ਤੌਰ ਤੇ ਪਹੁੰਚੇ ਪ.ਸ.ਸ.ਫ. ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ ਅਤੇ ਤਹਿਸੀਲ ਜਨਰਲ ਸਕੱਤਰ ਰਕੇਸ਼ ਕੁਮਾਰ ਨੇ ਕਿਹਾ ਕਿ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਨੂੰ ਸਾਂਝੇ ਸੰਘਰਸ਼ਾਂ ਰਾਹੀ ਵੱਡੇ ਇਕੱਠ ਕਰਕੇ ਹੀ ਮੋੜਾ ਦਿੱਤਾ ਜਾ ਸਕਦਾ ਹੈ। ਉਹਨਾਂ ਕਿਹਾ ਕਿ ਭਵਿੱਖ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਦੀਆ ਚੋਣਾਂ ਦੌਰਾਨ ਮੁਹਿੰਮ ਬਣਾ ਕੇ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦਾ ਡਟਵਾਂ ਵਿਰੋਧ ਕੀਤਾ ਜਾਵੇਗਾ। ਆਗੂਆਂ ਵਲੋਂ ਜ਼ਿਲ੍ਹਾ ਸਿੱਖਿਆ ਅਫਸਰ ਅਤੇ ਡਿਪਟੀ ਕਮਿਸ਼ਨਰ ਦੇ ਦਫਤਰ ਵਿਖੇ ਜ਼ਿਲ੍ਹਾ ਮਾਲ ਅਫਸਰ ਨੂੰ ਮੰਗ ਪੱਤਰ ਸੌਂਪੇ ਗਏ।ਵੱਖ ਵੱਖ ਬੁਲਾਰਿਆਂ ਵਲੋਂ ਮੰਗ ਕੀਤੀ ਗਈ ਕਿ ਮਿਡ ਡੇ ਮੀਲ ਵਰਕਰਾਂ ਨੂੰ ਸਕਿੱਲਡ ਵਰਕਰ ਮੰਨਦੇ ਹੋਏ ਘੱਟੋ-ਘੱਟ ਉਜਰਤ ਦੇ ਘੇਰੇ ਵਿੱਚ ਲਿਆਂਦਾ ਜਾਵੇ, ਜਦੋਂ ਤੱਕ ਮੰਗ ਨੰ: 1 ਪੂਰੀ ਨਹੀ ਹੁੰਦੀ ਓਦੋਂ ਤੱਕ ਵਰਕਰਾਂ ਨੂੰ ਹਰਿਆਣਾ ਪੈਟਰਨ ਤੇ 3500 ਰੁਪਏ 12 ਮਹੀਨੇ ਮਾਣ ਭੱਤਾ ਦਿੱਤਾ ਜਾਵੇ ਜਾਂ ਮੀਟਿੰਗ ਵਿੱਚ ਮੰਨਿਆ 3000 ਰੁਪਏ ਮਾਣ ਭੱਤਾ ਤੁਰੰਤ ਲਾਗੂ ਕੀਤਾ ਜਾਵੇ, ਪੰਜਾਬ ਸਰਕਾਰ ਦੀਆਂ ਬਾਕੀ ਮਹਿਲਾ ਮੁਲਾਜ਼ਮਾਂ ਵਾਂਗ ਇਹਨਾਂ ਨੂੰ ਵੀ ਅਚਨਚੇਤ , ਮੈਡੀਕਲ , ਪ੍ਰਸੂਤਾ ਅਤੇ ਕਮਾਈ ਛੁੱਟੀਆਂ ਦਿੱਤੀਆਂ ਜਾਣ, ਹਰੇਕ ਵਰਕਰ ਦਾ 5 ਲੱਖ ਦਾ ਮੁਫਤ ਜੀਵਨ ਬੀਮਾ ਕੀਤਾ ਜਾਵੇ, ਹਰੇਕ ਵਰਕਰ ਨੂੰ ਗਰਮ ਅਤੇ ਸਰਦ ਰੁੱਤ ਦੀਆਂ ਵਰਦਦੀਆਂ ਅਤੇ ਪਹਿਚਾਣ ਪੱਤਰ ਦਿੱਤਾ ਜਾਵੇ, ਹਰੇਕ ਸਕੂਲ ਵਿੱਚ ਘੱਟੋ-ਘੱਟ ਦੋ ਵਰਕਰਾਂ ਰੱਖੀਆਂ ਜਾਣ ਅਤੇ ਸਕੂਲਾਂ ਵਿੱਚ ਬੱਚਿਆਂ ਦੀ ਘਟ ਰਹੀ ਗਿਣਤੀ ਨੂੰ ਦੇਖਦਿਆਂ ਹਰੇਕ 15 ਬੱਚਿਆਂ ਮਗਰ ਇੱਕ ਵਰਕਰ ਰੱਖੀ ਜਾਵੇ, ਇਹਨਾਂ ਵਰਕਰਾਂ ਕੋਲੋਂ ਮਿਡ ਡੇ ਮੀਲ ਦੇ ਕੰਮ ਤੋਂ ਇਲਾਵਾ ਜ਼ਬਰਦਸਤੀ ਨਾਲ ਹੋਰ ਕੋਈ ਵੀ ਕੰਮ ਨਾ ਲਿਆ ਜਾਵੇ, ਸਕੂਲਾਂ ਵਿੱਚੋਂ ਬੱਚੇ ਘਟਣ ਕਾਰਣ ਮਿਡ ਡੇ ਮੀਲ ਵਰਕਰਾਂ ਦੀ ਛਾਂਟੀ ਨਾ ਕੀਤੀ ਜਾਵੇ, ਗੈਸ ਸਿਲੰਡਰ, ਗੈਸ ਏਜੰਸੀਆਂ ਵਲੋਂ ਆਪ ਸਿੱਧੇ ਤੌਰ ਤੇ ਸਕੂਲਾਂ ਨੂੰ ਭੇਜਣ ਦਾ ਪ੍ਰਬੰਧ ਕੀਤਾ ਜਾਵੇ।ਰੈਲੀ ਨੂੰ ਸੰਬੋਧਨ ਕਰਦਿਆਂ ਜੱਥੇਬੰਦੀ ਦੀਆਂ ਜ਼ਿਲ੍ਹਾ ਆਗੂਆਂ ਸੀਮਾ ਰਾਣੀ, ਕਮਲਾ ਦੇਵੀ, ਇੰਦਰਜੀਤ ਕੌਰ, ਬਲਵਿੰਦਰ ਕੌਰ, ਊਸ਼ਾ ਰਾਣੀ, ਆਸ਼ਾ ਰਾਣੀ, ਬਿਮਲਾ ਦੇਵੀ ਨੇ ਕਿਹਾ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਭਵਿੱਖ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ ਅਤੇ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਹਰਾਉਣ ਲਈ ਪੂਰੀ ਤਾਕਤ ਨਾਲ ਮੁਹਿੰਮ ਚਲਾਈ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਹਿਮਾਚਲ ਪ੍ਰਦੇਸ਼ ਵਿਚ ਸਿੱਖ ਸੰਗਤਾਂ ਤੇ ਹੋ ਰਹੇ ਹਮਲਿਆਂ ਖਿਲਾਫ ਸਿੱਖ ਪੰਥ ਵਿਚ ਭਾਰੀ ਰੋਸ–ਗਿਆਨੀ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ

ਫ਼ਿਰੋਜ਼ਪੁਰ, 19 ਜੂਨ (ਮਨੋਹਰ ਲਾਲ) :— ਹਿਮਾਚਲ ਪ੍ਰਦੇਸ਼ ਵਿੱਚ ਸ੍ਰੀ ਹੇਮਕੁੰਟ ਸਾਹਿਬ ਅਤੇ ਹੋਰ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਜਾ ਰਹੇ ਸਿੱਖ ਸ਼ਰਧਾਲੂਆਂ ਨਾਲ ਆਏ ਦਿਨ ਹੋ ਰਹੀ ਕੁੱਟਮਾਰ ਅਤੇ ਬਦਸਲੂਕੀ ਦੀਆਂ ਘਟਨਾਵਾਂ ਨੂੰ ਲੈ ਕੇ ਸਿੱਖ ਸੰਗਤਾਂ ਵਿੱਚ ਭਾਰੀ ਰੋਸ ਅਤੇ ਨਿਰਾਸ਼ਾ ਪਾਈ ਜਾ ਰਹੀ ਹੈ। ਇਸ ਗੰਭੀਰ ਮੁੱਦੇ ਤੇ ਚਿੰਤਾ ਪ੍ਰਗਟ ਕਰਦਿਆਂ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖ਼ਾਲਸਾ ਨੇ ਗੱਲਬਾਤ ਕਰਦਿਆਂ ਹਿਮਾਚਲ ਸਰਕਾਰ ਦੀ ਕਾਰਗੁਜ਼ਾਰੀ ਤੇ ਵੱਡੇ ਸਵਾਲ ਖੜ੍ਹੇ ਕੀਤੇ ਹਨ। ਜਥੇਦਾਰ ਗਿਆਨੀ ਸੁਖਦੇਵ ਸਿੰਘ ਖ਼ਾਲਸਾ ਨੇ ਬਹੁਤ ਹੀ ਦੁਖੀ ਹਿਰਦੇ ਨਾਲ ਆਖਿਆ ਕਿ ਸਿੱਖ ਸ਼ਰਧਾਲੂਆਂ ਨਾਲ ਹਿਮਾਚਲ ਦੇ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਕੀਤੀ ਜਾਂਦੀ ਬਦਸਲੂਕੀ ਹੁਣ ਆਮ ਗੱਲ ਬਣਦੀ ਜਾ ਰਹੀ ਹੈ। ਉਨ੍ਹਾਂ ਹਿਮਾਚਲ ਪ੍ਰਦੇਸ਼ ਦੀ ਸਰਕਾਰ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਰਿਸ਼ੀਕੇਸ਼ ਤੋਂ ਹੀ ਸਿੱਖ ਸ਼ਰਧਾਲੂਆਂ ਦੀ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕੀਤੇ ਜਾਣ ਤਾਂ ਜੋ ਉਹ ਬਿਨਾਂ ਕਿਸੇ ਡਰ ਭੈਅ ਅਤੇ ਪੂਰੀ ਸੁਰੱਖਿਆ ਦੇ ਨਾਲ ਆਪਣੀ ਯਾਤਰਾ ਮੁਕੰਮਲ ਕਰ ਸਕਣ। ਟਕਸਾਲ ਦੇ ਮੁੱਖ ਬੁਲਾਰੇ ਨੇ ਹਿਮਾਚਲ ਪ੍ਰਦੇਸ਼ ਪ੍ਰਸ਼ਾਸਨ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਅਜਿਹੀਆਂ ਮੰਦਭਾਗੀਆਂ ਘਟਨਾਵਾਂ ਨੂੰ ਅੰਜਾਮ ਦੇ ਕੇ ਆਪਸੀ ਭਾਈਚਾਰਕ ਸਾਂਝ ਨੂੰ ਨੁਕਸਾਨ ਪਹੁੰਚਾਉਣ ਵਾਲੇ ਦੋਸ਼ੀਆਂ ਖ਼ਿਲਾਫ਼ ਤੁਰੰਤ ਅਤੇ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ ਤਾਂ ਜੋ ਭਵਿੱਖ ਵਿੱਚ ਕੋਈ ਅਜਿਹੀ ਹਰਕਤ ਨਾ ਕਰ ਸਕੇ। ਉਨ੍ਹਾਂ ਅੱਗੇ ਬੋਲਦਿਆਂ ਕਿਹਾ ਕਿ ਜਿਸ ਤਰ੍ਹਾਂ ਹਿਮਾਚਲ ਪ੍ਰਦੇਸ਼ ਦੇ ਲੋਕ ਵੱਡੀ ਗਿਣਤੀ ਵਿੱਚ ਪੰਜਾਬ ਆਉਂਦੇ ਹਨ ਅਤੇ ਇੱਥੋਂ ਦੇ ਲੋਕਾਂ ਵੱਲੋਂ ਉਨ੍ਹਾਂ ਦਾ ਪੂਰਾ ਸਤਿਕਾਰ ਕੀਤਾ ਜਾਂਦਾ ਹੈ, ਉਵੇਂ ਹੀ ਪੰਜਾਬ ਦੇ ਲੋਕ ਵੀ ਹਿਮਾਚਲ ਦੇ ਧਾਰਮਿਕ ਅਸਥਾਨਾਂ ਤੇ ਸ਼ਰਧਾ ਨਾਲ ਜਾਂਦੇ ਹਨ।



ਆਵਾਜ਼ਿ ਕੌਮ AWAZE QAUM International Newspaper & WEB TV

## ਵਾਹਿਗੁਰੂ ਦਾ ਸਿਮਰਨ ਕਰਨ ਨਾਲ ਦੁੱਖ ਦੂਰ ਹੁੰਦੇ ਹਨ : ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਵਾਲੇ

**ਚੌਕ ਮਹਿਤਾ 19 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਸ੍ਰੀ ਮਾਨ ਸੰਤ ਬਾਬਾ ਸੱਜਣ ਸਿੰਘ ਜੀ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਵਾਲਿਆਂ ਨੇ ਧਾਰਮਿਕ ਸਮਾਗਮ ਦੌਰਾਨ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਨ ਦੀ ਪ੍ਰੇਰਣਾ ਦਿੰਦਿਆਂ ਕਿਹਾ ਕਿ ਮਨੁੱਖੀ ਜੀਵਨ ਵਿੱਚ ਆਉਣ ਵਾਲੇ ਦੁੱਖ-ਕਲੇਸ਼ਾਂ ਤੋਂ ਮੁਕਤੀ ਪਾਉਣ ਲਈ ਵਾਹਿਗੁਰੂ ਦੇ ਨਾਮ ਦਾ ਸਿਮਰਨ ਬਹੁਤ ਜ਼ਰੂਰੀ ਹੈ। ਉਨ੍ਹਾਂ ਦੱਸਿਆ ਜੋ ਵਿਅਕਤੀ ਸੱਚੇ ਦਿਲ ਨਾਲ ਨਾਮ ਜਪਦਾ ਹੈ, ਉਸ ਦੇ ਮਨ ਨੂੰ ਸ਼ਾਂਤੀ ਮਿਲਦੀ ਹੈ ਅਤੇ ਜੀਵਨ ਸੁਖਮਈ ਬਣਦਾ ਹੈ। ਸੰਤ ਬਾਬਾ ਸੱਜਣ ਸਿੰਘ ਜੀ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਵਾਲਿਆਂ ਨੇ ਨੌਜਵਾਨਾਂ ਨੂੰ ਨਸ਼ਿਆਂ ਅਤੇ ਬੁਰਾਈਆਂ ਤੋਂ ਦੂਰ ਰਹਿ ਕੇ ਗੁਰੂ ਦੇ ਦਰਸਾਏ ਮਾਰਗ ’ਤੇ ਚੱਲਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਗੁਰਬਾਣੀ ਸਾਨੂੰ ਸਹੀ ਜੀਵਨ ਜੀਣ ਦੀ ਰਾਹ ਦਿਖਾਉਂਦੀ ਹੈ ਅਤੇ ਸਮਾਜ ਵਿੱਚ ਪਿਆਰ ਤੇ ਭਾਈਚਾਰੇ ਦੀ ਭਾਵਨਾ ਪੈਦਾ ਕਰਦੀ ਹੈ। ਇਸ ਮੌਕੇ ਪ੍ਰਿੰਸੀਪਲ ਗੁਰਸੇਵਕ ਸਿੰਘ ਰੰਧਾਵਾ, ਹੈੱਡ ਗ੍ਰੰਥੀ ਭਾਈ ਸੁਲੱਖਣ ਸਿੰਘ,ਰਣਜੀਤ ਸਿੰਘ ਰਾਣਾ ਬਾਬੋਵਾਲ, ਗੁਰਦੇਵ ਸਿੰਘ ਯੂ ਐਸ ਏ,ਬਾਬਾ ਬਲਰਾਜ ਸਿੰਘ ਰਾਜਾ ਬੁਲਾਰੀਆ, ਜਗਰੂਪ ਸਿੰਘ ਬੋਪਾਰਾਏ, ਸੁਖਵਿੰਦਰ ਸਿੰਘ ਬਾਠ, ਭਾਈ ਜਸਾ ਸਿੰਘ, ਨਰਿੰਦਰ ਸਿੰਘ ਬਾਠ, ਜੋਬਨਜੀਤ ਸਿੰਘ ਆਦਿ ਸੇਵਾਦਾਰ ਹਾਜ਼ਰ ਸਨ



ਆਵਾਜ਼ਿ ਕੌਮ AWAZE QAUM International Newspaper & WEB TV

## ਦਿੱਲੀ ਗੁਰਦੁਆਰਾ ਕਮੇਟੀ ਉੱਤਰਾਖੰਡ ਭੇਜੇਗੀ ਉੱਚ ਪੱਧਰੀ ਵ.ਫਦ, ਸਿੱਖ ਸ਼ਰਧਾਲੂਆਂ ’ਤੇ ਹਮਲੇ ਦੀ ਉੱਚ ਪੱਧਰੀ ਜਾਂਚ ਦੀ ਮੰਗ

ਨਵੀਂ ਦਿੱਲੀ, 19 ਜੂਨ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਐਲਾਨ ਕੀਤਾ ਹੈ ਕਿ ਸ੍ਰੀ ਹੇਮਕੁੰਟ ਸਾਹਿਬ ਯਾਤਰਾ ਦੌਰਾਨ ਉੱਤਰਾਖੰਡ ਵਿੱਚ ਸਿੱਖ ਸ਼ਰਧਾਲੂਆਂ ਨਾਲ ਹੋਈਆਂ ਘਟਨਾਵਾਂ ਦੇ ਮੱਦੇਨਜ਼ਰ ਕਮੇਟੀ ਇੱਕ ਉੱਚ ਪੱਧਰੀ ਵਫ਼ਦ ਉੱਥੇ ਭੇਜੇਗੀ। ਆਗੂਆਂ ਨੇ ਕਿਹਾ ਕਿ ਸਿੱਖ ਸ਼ਰਧਾਲੂਆਂ ’ਤੇ ਹਮਲੇ ਅਤੇ ਪੁਲਿਸ ਦੇ ਕਥਿਤ ਤਸ਼ੱਦਦ ਨੂੰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਨ੍ਹਾਂ ਦੋਸ਼ ਲਗਾਇਆ ਕਿ ਸਥਾਨਕ ਪ੍ਰਸ਼ਾਸਨ ਆਪਣੀ ਜ਼ਿੰਮੇਵਾਰੀ ਨਿਭਾਉਣ ਵਿੱਚ ਨਾਕਾਮ ਰਿਹਾ ਹੈ, ਜਿਸ ਕਾਰਨ ਸਿੱਖ ਭਾਈਚਾਰੇ ਵਿੱਚ ਡਰ ਅਤੇ ਦਹਿਸ਼ਤ ਦਾ ਮਾਹੌਲ ਬਣਿਆ ਹੈ। ਉਨ੍ਹਾਂ ਦੱਸਿਆ ਕਿ ਕਮੇਟੀ ਦਾ ਵਫ਼ਦ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਅਤੇ ਰਾਜਪਾਲ ਨਾਲ ਮੁਲਾਕਾਤ ਕਰਕੇ ਮਾਮਲੇ ਦੀ ਉੱਚ ਪੱਧਰੀ ਜਾਂਚ ਅਤੇ ਦੋਸ਼ੀ ਪੁਲਿਸ ਅਧਿਕਾਰੀਆਂ ਖ਼ਿਲਾਫ਼ ਕਾਰਵਾਈ ਦੀ ਮੰਗ ਕਰੇਗਾ। ਕਾਲਕਾ ਅਤੇ ਕਾਹਲੋਂ ਨੇ ਕਿਹਾ ਕਿ ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ ਗੁਰੂ ਘਰ ਦੀ ਯਾਤਰਾ ਹੈ, ਜਿਸ ਨੂੰ ਕਿਸੇ ਵੀ ਹਾਲਤ ਵਿੱਚ ਰੋਕਿਆ ਨਹੀਂ ਜਾ ਸਕਦਾ, ਅਤੇ ਸਾਰੇ ਸ਼ਰਧਾਲੂਆਂ ਦੀ ਸੁਰੱਖਿਆ ਯਕੀਨੀ ਬਣਾਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

## ★ 43ਵੀਂ ਵਰੇਗੰਢ ਮੁਬਾਰਕ ★



ਬੀਬੀ ਸੁਰਿੰਦਰ ਕੌਰ
ਕਾਕਾ ਦਰਸ਼ਨ ਸਿੰਘ ਦੀਪਕ
ਪਿੰਡ ਫਤਹਿਗੜ
ਛੰਨਾ

ਆਵਾਜ਼ਿ ਕੌਮ AWAZE QAUM International Newspaper & WEB TV